ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਐਤਵਾਰ, 21 ਜੂਨ 2026 (ਨਾਨਕਸ਼ਾਹੀ ਸੰਮਤ : ੫੫੮, ੭ ਹਾੜ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## ਕੌਮੀ ਇਨਸਾਫ ਮੋਰਚੇ ਵੱਲੋਂ ਪੰਥਕ ਅਤੇ ਕਿਸਾਨ ਜਥੇਬੰਦੀਆਂ ਨਾਲ ਮਿਲ ਕੇ ਆਰ-ਪਾਰ ਦੀ ਲੜਾਈ ਲੜਨ ਦਾ ਐਲਾਨ

# 4 ਜੁਲਾਈ ਨੂੰ ਸਰਹਿੰਦ ਵਿਖੇ ਰੋਕੀਆਂ ਜਾਣਗੀਆਂ ਰੇਲਾਂ

### 11 ਜੁਲਾਈ ਨੂੰ ਭਾਜਪਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਦੇ ਘਰ ਦਾ ਕੀਤਾ ਜਾਵੇਗਾ ਘਿਰਾਓ



**ਮੋਗਾ, 20 ਜੂਨ (ਰਾਜਿੰਦਰ ਸਿੰਘ ਕੋਟਲਾ, ਗੁਰਪ੍ਰੀਤ ਸਿੰਘ)**-ਕੌਮੀ ਇਨਸਾਫ ਮੋਰਚੇ ਦੇ ਸੱਦੇ 'ਤੇ ਅੱਜ ਲੁਧਿਆਣਾ ਵਿਖੇ ਪੰਥਕ ਅਤੇ ਕਿਸਾਨ ਜਥੇਬੰਦੀਆਂ ਦੀ ਇੱਕ ਵਿਸ਼ਾਲ ਅਤੇ ਪ੍ਰਭਾਵਸ਼ਾਲੀ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਸਰਬਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਪੰਜਾਬ ਦੇ ਮੌਜੂਦਾ ਮਸਲਿਆਂ ਦਾ ਹੱਲ ਹੁਣ ਕੇਵਲ ਇੱਕ ਵੱਡੇ ਲੋਕ ਅੰਦੋਲਨ ਰਾਹੀਂ ਹੀ ਸੰਭਵ ਹੈ,ਮੀਟਿੰਗ ਵਿੱਚ ਬੋਲਦਿਆਂ ਆਗੂਆਂ ਨੇ ਕਿਹਾ ਕਿ ਪੰਜਾਬ ਨੂੰ ਦਰਪੇਸ਼ ਰਾਜਨੀਤਿਕ, ਸਮਾਜਿਕ ਅਤੇ ਧਾਰਮਿਕ ਚੁਣੌਤੀਆਂ ਦੇ ਮੱਦੇਨਜ਼ਰ ਸੂਬੇ ਭਰ ਵਿੱਚ ਵੱਡਾ ਜਨ ਅੰਦੋਲਨ ਸ਼ੁਰੂ ਕੀਤਾ ਜਾਵੇਗਾ। ਉਨ੍ਹਾਂ ਐਲਾਨ ਕੀਤਾ ਕਿ ਦੇਸ਼ ਦੇ ਪ੍ਰਧਾਨ ਮੰਤਰੀ, ਗ੍ਰਹਿ ਮੰਤਰੀ ਅਤੇ ਭਾਜਪਾ ਦੇ ਕੌਮੀ ਪ੍ਰਧਾਨ ਦੇ ਪੰਜਾਬ ਦੌਰਿਆਂ ਦੌਰਾਨ ਰੋਸ ਪ੍ਰਦਰਸ਼ਨ ਕੀਤੇ ਜਾਣਗੇ,ਮੀਟਿੰਗ ਵਿੱਚ ਇਹ ਵੀ ਫੈਸਲਾ ਕੀਤਾ ਗਿਆ ਕਿ 11 ਜੁਲਾਈ ਨੂੰ ਭਾਜਪਾ ਪੰਜਾਬ ਪ੍ਰਧਾਨ ਕੇਵਲ ਸਿੰਘ ਢਿੱਲੋਂ ਦੀ ਰਿਹਾਇਸ਼ ਦੇ ਬਾਹਰ ਰੋਸ ਧਰਨਾ ਦਿੱਤਾ ਜਾਵੇਗਾ, ਜਦਕਿ 4 ਜੁਲਾਈ ਨੂੰ ਸਰਹਿੰਦ ਵਿਖੇ ਰੇਲ ਰੋਕੋ ਅੰਦੋਲਨ ਕੀਤਾ ਜਾਵੇਗਾ। ਇਸ ਤੋਂ ਇਲਾਵਾ 15 ਅਗਸਤ ਨੂੰ ਐਲਾਨੀ ਗਈ ਆਰ-ਪਾਰ ਦੀ ਲੜਾਈ ਲਈ ਤਿਆਰੀਆਂ ਸਬੰਧੀ ਵੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ,ਮੀਟਿੰਗ ਵਿੱਚ ਬੰਦੀ ਸਿੰਘਾਂ ਦੀ ਰਿਹਾਈ ਦੇ ਮਾਮਲੇ ਨੂੰ ਵੀ ਪ੍ਰਮੁੱਖਤਾ ਨਾਲ ਉਠਾਇਆ ਗਿਆ। ਇਸ ਸਬੰਧੀ ਫੈਸਲਾ ਕੀਤਾ ਗਿਆ ਕਿ ਦੁਨੀਆ ਭਰ ਦੀਆਂ ਅੰਬੈਸੀਆਂ, ਸੰਸਦ ਮੈਂਬਰਾਂ ਅਤੇ ਸੰਯੁਕਤ ਰਾਸ਼ਟਰ ਸੰਘ (ਯੂ.ਐੱਨ.ਓ.) ਨੂੰ ਪੱਤਰ ਲਿਖ ਕੇ ਇਸ ਮਾਮਲੇ ਵੱਲ ਧਿਆਨ ਦਿਵਾਇਆ ਜਾਵੇਗਾ,ਇਸ ਮੌਕੇ ਭਾਈ ਜਸਵੀਰ ਸਿੰਘ ਰੋਡੇ, ਭਾਈ ਮੋਕਮ ਸਿੰਘ, ਭਾਈ ਸਤਨਾਮ ਸਿੰਘ ਮਨਾਵਾਂ, ਭਾਈ ਜਸਕਰਨ ਸਿੰਘ ਕਾਹਣ ਸਿੰਘ ਵਾਲਾ, ਜਥੇਦਾਰ ਗੁਰਦੀਪ ਸਿੰਘ ਬਠਿੰਡਾ, ਬਾਪੂ ਗੁਰਚਰਨ ਸਿੰਘ ਹਵਾਰਾ, ਗੁਰਜੰਤ ਸਿੰਘ ਕੱਟੂ, ਭਰਪੂਰ ਸਿੰਘ, ਭੁਪਿੰਦਰ ਸਿੰਘ ਗਦਲੀ, ਕੁਲਦੀਪ ਸਿੰਘ ਡੱਲਾ, ਸੰਤ ਚਰਨਜੀਤ ਸਿੰਘ ਜਸੋਵਾਲ, ਸਰਦੂਲ ਸਿੰਘ ਝਾੜ ਸਾਹਿਬ, ਜਥੇਦਾਰ ਬੂਟਾ ਸਿੰਘ ਰਣਸੀਹ, ਪਾਲ ਸਿੰਘ ਘੜੋਵਾਂ, ਬਲਵਿੰਦਰ ਸਿੰਘ ਝਾੜ ਸਾਹਿਬ, ਗੁਰਿੰਦਰ ਸਿੰਘ ਭੰਗੂ, ਡਾ. ਦਰਸ਼ਨ ਪਾਲ, ਸੁੱਖ ਗਿੱਲ ਮੋਗਾ, ਜੀਤ ਔਲਖ, ਬਲਵਿੰਦਰ ਸਿੰਘ ਪਿਆਰੇਆਣਾ, ਇੰਦਰਵੀਰ ਸਿੰਘ ਪਟਿਆਲਾ, ਭਾਈ ਪਾਲ ਸਿੰਘ ਫਰਾਂਸ, ਰੇਸ਼ਮ ਸਿੰਘ ਖਰੜ, ਲੀਡਰ ਨੰਬਰਦਾਰ ਧਰਮਕੋਟ, ਲਖਬੀਰ ਸਿੰਘ ਸੋਟੀ ਅਤੇ ਪ੍ਰੋ. ਬਲਿੰਦਰ ਸਿੰਘ ਸਮੇਤ ਵੱਖ-ਵੱਖ ਪੰਥਕ ਅਤੇ ਕਿਸਾਨ ਜਥੇਬੰਦੀਆਂ ਦੇ ਆਗੂ ਹਾਜ਼ਰ ਸਨ,ਮੀਟਿੰਗ ਵਿੱਚ ਵਾਰਸ ਪੰਜਾਬ, ਅਕਾਲੀ ਦਲ ਅੰਮ੍ਰਿਤਸਰ, ਯੂਨਾਇਟਡ ਅਕਾਲੀ ਦਲ, ਸ਼ੇਰੇ-ਏ-ਪੰਜਾਬ ਕਿਸਾਨ ਯੂਨੀਅਨ, ਕਰਾਂਤੀਕਾਰੀ ਕਿਸਾਨ ਯੂਨੀਅਨ, ਭਾਰਤੀ ਕਿਸਾਨ ਯੂਨੀਅਨ ਤੋਤੇਵਾਲ ਅਤੇ ਕਿਸਾਨ ਯੂਨੀਅਨ ਅੰਮ੍ਰਿਤਸਰ ਦੇ ਨੁਮਾਇੰਦਿਆਂ ਨੇ ਵੀ ਸ਼ਮੂਲੀਅਤ ਕੀਤੀ,ਆਗੂਆਂ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਪੰਜਾਬ ਦੇ ਹੱਕਾਂ, ਬੰਦੀ ਸਿੰਘਾਂ ਦੀ ਰਿਹਾਈ ਅਤੇ ਕਿਸਾਨੀ ਮਸਲਿਆਂ ਨੂੰ ਲੈ ਕੇ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ।

ਆਵਾਜ਼ਿ ਕੌਮ
AWAZE QAUM
International Newspaper & WEB TV




## ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਹੋਈ ਅਕਾਲੀ ਦਲ ਵੱਲੋਂ ਬਣਾਈ ਗਈ ਪੰਜ ਮੈਂਬਰੀ ਤਾਲਮੇਲ ਕਮੇਟੀ ਦੀ ਮੀਟਿੰਗ, ਅਗਲੀ ਰਣਨੀਤੀ 'ਤੇ ਕੀਤੀ ਗਈ ਵਿਚਾਰ-ਵਟਾਂਦਰਾ

**ਸ੍ਰੀ ਅਨੰਦਪੁਰ ਸਾਹਿਬ, 20 ਜੂਨ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਜਾਰੀ ਕੀਤੇ ਗਏ ਹੁਕਮਨਾਮੇ ਨੂੰ ਸਖ਼ਤੀ ਨਾਲ ਲਾਗੂ ਕਰਵਾਉਣ ਲਈ ਸ਼੍ਰੋਮਣੀ ਅਕਾਲੀ ਦਲ ਵੱਲੋਂ ਬਣਾਈ ਗਈ ਪੰਜ ਮੈਂਬਰੀ ਤਾਲਮੇਲ ਕਮੇਟੀ ਦੀ ਇੱਕ ਅਹਿਮ ਮੀਟਿੰਗ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੀਟਿੰਗ ਹਾਲ ਵਿੱਚ ਹੋਈ। ਇਸ ਮੀਟਿੰਗ ਵਿੱਚ ਕਮੇਟੀ ਮੈਂਬਰਾਂ ਦੇ ਨਾਲ-ਨਾਲ ਵੱਖ-ਵੱਖ ਧਾਰਮਿਕ, ਸਮਾਜਿਕ ਅਤੇ ਪੰਥਕ ਜਥੇਬੰਦੀਆਂ ਦੇ ਆਗੂਆਂ ਨੇ ਵੀ ਸ਼ਮੂਲੀਅਤ ਕੀਤੀ। ਮੀਟਿੰਗ ਦੌਰਾਨ ਹੁਕਮਨਾਮੇ ਦੀ ਪਾਲਣਾ ਯਕੀਨੀ ਬਣਾਉਣ ਅਤੇ ਸੰਗਤਾਂ ਨੂੰ ਜਾਗਰੂਕ ਕਰਨ ਲਈ ਅਗਲੀ ਰਣਨੀਤੀ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ। ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਹੋਈ ਇਸ ਮੀਟਿੰਗ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਪੰਜ ਮੈਂਬਰੀ ਕਮੇਟੀ ਦੇ ਮੈਂਬਰ ਮਹੇਸ਼ਿੰਦਰ ਸਿੰਘ ਗਰੇਵਾਲ, ਬਲਵਿੰਦਰ ਸਿੰਘ ਭੂੰਦੜ, ਡਾ. ਦਲਜੀਤ ਸਿੰਘ ਚੀਮਾ, ਗੁਲਜ਼ਾਰ ਸਿੰਘ ਰਣੀਕੇ ਅਤੇ ਅਮਰਜੀਤ ਸਿੰਘ ਚਾਵਲਾ ਸਮੇਤ ਕਈ ਧਾਰਮਿਕ ਅਤੇ ਸਮਾਜਿਕ ਜਥੇਬੰਦੀਆਂ ਦੇ ਨੁਮਾਇੰਦੇ ਹਾਜ਼ਰ ਰਹੇ। ਮੀਟਿੰਗ ਵਿੱਚ ਅਕਾਲ ਤਖ਼ਤ ਸਾਹਿਬ ਦੇ ਹੁਕਮਨਾਮੇ ਦੀ ਪਾਲਣਾ ਲਈ ਸਾਂਝੀ ਮੁਹਿੰਮ ਚਲਾਉਣ ਅਤੇ ਪਿੰਡ-ਪਿੰਡ ਜਾ ਕੇ ਸੰਗਤਾਂ ਨੂੰ ਇਸ ਸਬੰਧੀ ਜਾਣੂ ਕਰਵਾਉਣ ਦਾ ਫ਼ੈਸਲਾ ਕੀਤਾ ਗਿਆ।

## 'ਸ਼ਾਂਤੀ ਸਮਝੌਤੇ ਦਾ ਕੀਤਾ ਗਿਆ ਉਲੰਘਣ...'

# ਈਰਾਨ ਨੇ ਮੁੜ ਬੰਦ ਕੀਤਾ ਹੋਰਮੁਜ਼

**ਤਹਿਰਾਨ, 20 ਜੂਨ (ਆਵਾਜ਼ਿ ਕੌਮ ਬਿਊਰੋ)**-ਮੱਧ ਪੂਰਬ 'ਚ ਵਧ ਰਹੇ ਤਣਾਅ ਦੇ ਵਿਚਕਾਰ ਈਰਾਨ ਦੀ ਫੌਜੀ ਕਮਾਂਡ ਨੇ ਐਲਾਨ ਕੀਤਾ ਹੈ ਕਿ ਉਸਨੇ ਤੇਲ ਦੀ ਸਪਲਾਈ ਲਈ ਮਹੱਤਵਪੂਰਨ ਹੋਰਮੁਜ਼ ਨੂੰ ਮੁੜ ਬੰਦ ਕਰ ਦਿੱਤਾ ਹੈ। ਈਰਾਨ ਦੇ ਕੇਂਦਰੀ ਮਿਲਟਰੀ ਕਮਾਂਡ ਅਨੁਸਾਰ, ਇਹ ਕਾਰਵਾਈ ਲੇਬਨਾਨ ਵਿਚ ਇਜ਼ਰਾਈਲ ਵੱਲੋਂ ਕੀਤੇ ਗਏ ਹਮਲਿਆਂ ਦੇ ਵਿਰੋਧ ਵਿਚ ਕੀਤੀ ਗਈ ਹੈ। ਤਹਿਰਾਨ ਨੇ ਇਨ੍ਹਾਂ ਹਮਲਿਆਂ ਨੂੰ ਅਮਰੀਕਾ ਨਾਲ ਹੋਏ ਸਮਝੌਤੇ ਦੀ ਸਪੱਸ਼ਟ ਉਲੰਘਣਾ ਕਰਾਰ ਦਿੱਤਾ ਹੈ। ਖਾਤਮ-ਅਲ ਅੰਬੀਆ ਕੇਂਦਰੀ ਹੈੱਡਕੁਆਰਟਰ ਵੱਲੋਂ ਸਰਕਾਰੀ ਟੀਵੀ 'ਤੇ ਜਾਰੀ ਬਿਆਨ ਵਿੱਚ ਕਿਹਾ ਗਿਆ ਹੈ ਕਿ ਜਹਾਜ਼ਾਂ ਦੀ ਆਵਾਜਾਈ ਨੂੰ ਰੋਕਣਾ 'ਦੁਸ਼ਮਣ ਵੱਲੋਂ ਕੀਤੀ ਗਈ ਵਾਅਦਾ-ਖਿਲਾਫੀ' ਦਾ ਪਹਿਲਾ ਜਵਾਬ ਹੈ। ਬਿਆਨ ਵਿਚ ਇਹ ਵੀ ਚਿਤਾਵਨੀ ਦਿੱਤੀ ਗਈ ਹੈ ਕਿ ਜੇਕਰ ਇਜ਼ਰਾਈਲੀ ਹਮਲੇ ਜਾਰੀ ਰਹਿੰਦੇ ਹਨ, ਤਾਂ ਦੁਸ਼ਮਣ ਨੂੰ ਆਪਣੀਆਂ ਜ਼ਿੰਮੇਵਾਰੀਆਂ ਮੰਨਣ ਲਈ ਮਜ਼ਬੂਰ ਕਰਨ ਵਾਸਤੇ ਹੋਰ ਸਖ਼ਤ ਕਦਮ ਚੁੱਕੇ ਜਾਣਗੇ। ਦੂਜੇ ਪਾਸੇ, ਅਮਰੀਕਾ ਦੇ ਉਪ ਰਾਸ਼ਟਰਪਤੀ ਵੈਂਸ ਨੇ ਇੱਕ ਇੰਟਰਵਿਊ ਦੌਰਾਨ ਸੰਕੇਤ ਦਿੱਤਾ ਹੈ ਕਿ ਈਰਾਨ ਨਾਲ ਜੰਗ ਖਤਮ ਕਰਨ ਲਈ ਐਤਵਾਰ ਨੂੰ ਮਹੱਤਵਪੂਰਨ ਗੱਲਬਾਤ ਸੰਭਵ ਹੈ। ਇਸ ਉਦੇਸ਼ ਲਈ ਅਮਰੀਕੀ ਵਿਸ਼ੇਸ਼ ਦੂਤ ਸਟੀਵ ਵਿਟਕੋਫ ਅਤੇ ਜੇਰਡ ਕੁਸ਼ਨਰ ਗੱਲਬਾਤ ਲਈ ਸਵਿਟਜ਼ਰਲੈਂਡ ਵਿੱਚ ਮੌਜੂਦ ਹਨ। ਹਾਲਾਂਕਿ, ਅਮਰੀਕਾ ਨੇ ਈਰਾਨ ਦੇ ਦਾਅਵਿਆਂ ਦੇ ਉਲਟ ਕਿਹਾ ਹੈ ਕਿ ਫਿਲਹਾਲ ਹੋਰਮੁਜ਼ ਦੀ ਜਲਡਮਰੂਮੱਧ ਬੰਦ ਹੋਣ ਦਾ ਕੋਈ ਠੋਸ ਸਬੂਤ ਨਹੀਂ ਮਿਲਿਆ ਹੈ। ਅਮਰੀਕੀ ਪ੍ਰਸ਼ਾਸਨ ਨੇ ਭਰੋਸਾ ਜਤਾਇਆ ਹੈ ਕਿ ਉਹ ਜੰਗਬੰਦੀ ਨੂੰ ਬਰਕਰਾਰ ਰੱਖਣ ਵਿਚ ਸਫਲ ਹੋਵੇਗਾ। ਅੰਤਰਰਾਸ਼ਟਰੀ ਭਾਈਚਾਰਾ ਇਸ ਸਮੇਂ ਸਵਿਟਜ਼ਰਲੈਂਡ ਵਿਚ ਹੋਣ ਵਾਲੀ ਗੱਲਬਾਤ ਦੇ ਨਤੀਜਿਆਂ ਦੀ ਉਡੀਕ ਕਰ ਰਿਹਾ ਹੈ ਤਾਂ ਜੋ ਖੇਤਰ ਵਿਚ ਵੱਡੇ ਟਕਰਾਅ ਨੂੰ ਰੋਕਿਆ ਜਾ ਸਕੇ।



## ਕਾਂਗਰਸੀ ਵਿਧਾਇਕ ਦੇ ਦਫ਼ਤਰ 'ਤੇ ਹੋਈ ਫਾਈਰਿੰਗ, ਵਾਰਦਾਤ ਮਗਰੋਂ ਮੌਕੇ ਤੋਂ ਫਰਾਰ ਹੋਏ ਹਮਲਾਵਰ

**ਚੰਡੀਗੜ੍ਹ, 20 ਜੂਨ (ਆਵਾਜ਼ਿ ਕੌਮ ਬਿਊਰੋ)**-ਹਰਿਆਣਾ ਦੇ ਰੋਹਤਕ ਜ਼ਿਲ੍ਹੇ ਦੇ ਮਹਿਮ ਕਸਬੇ ਵਿੱਚ ਕਾਂਗਰਸ ਵਿਧਾਇਕ ਬਲਰਾਮ ਦਾਂਗੀ ਦੇ ਦਫ਼ਤਰ 'ਤੇ ਗੋਲੀਬਾਰੀ ਦੀ ਘਟਨਾ ਸਾਹਮਣੇ ਆਈ ਹੈ। ਘਟਨਾ ਤੋਂ ਬਾਅਦ ਪੁਲਿਸ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਅਧਿਕਾਰੀਆਂ ਮੁਤਾਬਕ ਸ਼ੁੱਕਰਵਾਰ ਦੇਰ ਰਾਤ ਵਿਧਾਇਕ ਦੇ ਦਫ਼ਤਰ 'ਤੇ ਕਈ ਰਾਊਂਡ ਫਾਇਰਿੰਗ ਕੀਤੀ ਗਈ। ਮਹਿਮ ਪੁਲਿਸ ਥਾਣੇ ਦੇ ਬਿਲਕੁਲ ਸਾਹਮਣੇ ਸਥਿਤ ਇਹ ਦਫ਼ਤਰ ਘਟਨਾ ਵੇਲੇ ਬੰਦ ਸੀ। ਦੱਸ ਦਈਏ ਕਿ ਮਾਮਲੇ ਦਾ ਖੁਲਾਸਾ ਸ਼ਨੀਵਾਰ ਸਵੇਰੇ ਉਸ ਵੇਲੇ ਹੋਇਆ ਜਦੋਂ ਦਫ਼ਤਰ ਦਾ ਕੇਅਰਟੇਕਰ ਉੱਥੇ ਪਹੁੰਚਿਆ ਅਤੇ ਮੁੱਖ ਦਰਵਾਜ਼ੇ ਦੇ ਸ਼ੀਸ਼ਿਆਂ ਨੂੰ ਨੁਕਸਾਨ ਪਹੁੰਚਿਆ ਹੋਇਆ ਦੇਖਿਆ। ਨੇੜੇ ਤੋਂ ਜਾਂਚ ਕਰਨ 'ਤੇ ਸ਼ੀਸ਼ਿਆਂ 'ਤੇ ਗੋਲੀਆਂ ਦੇ ਕਈ ਨਿਸ਼ਾਨ ਮਿਲੇ। ਵਿਧਾਇਕ ਬਲਰਾਮ ਦਾਂਗੀ ਨੇ ਘਟਨਾ ਦੀ ਪੁਸ਼ਟੀ ਕਰਦਿਆਂ ਦੱਸਿਆ ਕਿ ਦਫ਼ਤਰ ਵਿੱਚ ਚਾਰ ਤੋਂ ਪੰਜ ਗੋਲੀਆਂ ਦੇ ਨਿਸ਼ਾਨ ਮਿਲੇ ਹਨ। ਉਨ੍ਹਾਂ ਕਿਹਾ ਕਿ ਕੇਅਰਟੇਕਰ ਵੱਲੋਂ ਨੁਕਸਾਨ ਦੇਖਣ ਤੋਂ ਬਾਅਦ ਉਨ੍ਹਾਂ ਨੂੰ ਇਸ ਹਮਲੇ ਬਾਰੇ ਜਾਣਕਾਰੀ ਦਿੱਤੀ ਗਈ। ਸੂਚਨਾ ਮਿਲਦੇ ਹੀ ਪੁਲਿਸ ਦੀਆਂ ਟੀਮਾਂ ਮੌਕੇ 'ਤੇ ਪਹੁੰਚ ਗਈਆਂ ਅਤੇ ਸਬੂਤ ਇਕੱਠੇ ਕਰਨ ਦੀ ਕਾਰਵਾਈ ਸ਼ੁਰੂ ਕੀਤੀ। ਜਾਂਚ ਟੀਮ ਨੇ ਦਫ਼ਤਰ ਦਾ ਸੀਸੀਟੀਵੀ ਡੀਵੀਆਰ ਕਬਜ਼ੇ ਵਿੱਚ ਲੈ ਲਿਆ ਹੈ ਅਤੇ ਆਸ-ਪਾਸ ਲੱਗੇ ਕੈਮਰਿਆਂ ਦੀ ਫੁਟੇਜ ਦੀ ਵੀ ਜਾਂਚ ਕੀਤੀ ਜਾ ਰਹੀ ਹੈ ਤਾਂ ਜੋ ਹਮਲਾਵਰਾਂ ਦੀ ਪਛਾਣ ਕੀਤੀ ਜਾ ਸਕੇ। ਸ਼ੁਰੂਆਤੀ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਰਾਤ ਕਰੀਬ 1 ਵਜੇ ਦਫ਼ਤਰ 'ਤੇ ਚਾਰ ਤੋਂ ਪੰਜ ਰਾਊਂਡ ਫਾਇਰ ਕੀਤੇ ਗਏ ਸਨ। ਹਾਲਾਂਕਿ, ਅਜੇ ਤੱਕ ਕਿਸੇ ਵੀ ਸ਼ੱਕੀ ਦੀ ਪਛਾਣ ਨਹੀਂ ਹੋ ਸਕੀ ਹੈ। ਪੁਲਿਸ ਵੱਲੋਂ ਹਮਲੇ ਦੇ ਕਾਰਨਾਂ ਦਾ ਪਤਾ ਲਗਾਉਣ ਅਤੇ ਮੁਲਜ਼ਮਾਂ ਨੂੰ ਕਾਬੂ ਕਰਨ ਲਈ ਜਾਂਚ ਜਾਰੀ ਹੈ।



ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਸ਼ਹੀਦੀ ਦਿਹਾੜਾ

ਸ਼ਹੀਦੀ ਜੋੜ ਮੇਲਾ ਸ਼ਹੀਦਾਂ ਦੇ ਸਿਰਤਾਜ ਧੰਨ ਧੰਨ ਸ਼੍ਰੀ ਗੁਰੂ ਅਰਜਨ ਦੇਵ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।

**ਸ਼ਨਿੱਚਰਵਾਰ 20 ਜੂਨ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।**

ਐਤਵਾਰ 21 ਜੂਨ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣ ਉਪਰੰਤ 12:30 ਵਜੇ ਤੱਕ ਦੀਵਾਨ ਸੱਜਣਗੇ।

ਕੀਰਤਨੀ ਜਥਾ ਰਾਗੀ ਭਾਈ ਜਸਵੰਤ ਸਿੰਘ ਨਾਨਕ ਮੱਤੇ ਵਾਲੇ ਕੀਰਤਨ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਛਬੀਲ ਲਗਾਈ ਜਾਵੇਗੀ, ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।


★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਪੰਥ ਦੀ ਸਿਰਮੌਰ ਸੰਸਥਾ — ਦਮਦਮੀ ਟਕਸਾਲ
ਨਾਮ ਜਪੋ / ਕਿਰਤ ਕਰੋ / ਵੰਡ ਛੱਕੋ — Naam Japo / Kirat Karo / Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ — Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for **AWAZE QAUM** Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ | ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ: **ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਵਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਵਿੱਲੋਂ, ਜ: ਮਹਿਤਾਬ ਸਿੰਘ ਵਿੱਲੋਂ
ਸੰਪਰਕ ਨੰਬਰ 84278-66404



Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

ਦਮਦਮੀ ਟਕਸਾਲ ਅਤੇ ਸੰਤ ਸਮਾਜ ਦਾ ਕਰਨਪ੍ਰਯਾਗ ਵਿੱਚ

# ਸਿੱਖ ਨੌਜਵਾਨਾਂ ਨਾਲ ਕਥਿਤ ਤਸ਼ੱਦਦ ਖ਼ਿਲਾਫ਼ ਸਖ਼ਤ ਸਟੈਂਡ

☛ ਮਾਮਲੇ ਦੀ ਨਿਰਪੱਖ ਜਾਂਚ ਹੋਵੇ, ਹਮਲਾਵਰਾਂ ਅਤੇ ਜ਼ਿੰਮੇਵਾਰ ਪੁਲਿਸ ਅਧਿਕਾਰੀਆਂ ਖ਼ਿਲਾਫ਼ ਕਾਰਵਾਈ ਦੀ ਮੰਗ ☛ ਸਿੱਖਾਂ ਨਾਲ ਵਿਤਕਰਾ ਅਤੇ ਧੱਕੇਸ਼ਾਹੀ ਕਿਸੇ ਕੀਮਤ 'ਤੇ ਸਵੀਕਾਰ ਨਹੀਂ — ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ☛ ਸ੍ਰੀ ਹੇਮਕੁੰਟ ਸਾਹਿਬ ਯਾਤਰੀਆਂ ਦੀ ਸੁਰੱਖਿਆ ਯਕੀਨੀ ਬਣਾਏ ਉੱਤਰਾਖੰਡ ਸਰਕਾਰ — ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ☛ ਸਿੱਖ ਸ਼ਰਧਾਲੂਆਂ ਖ਼ਿਲਾਫ਼ ਪੱਖਪਾਤੀ ਕਾਰਵਾਈ ਨੇ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਈ — ਦਮਦਮੀ ਟਕਸਾਲ





**ਅੰਮ੍ਰਿਤਸਰ, 20 ਜੂਨ (ਆਵਾਜ਼ਿ ਕੌਮ ਬਿਊਰੋ)**-ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਉੱਤਰਾਖੰਡ ਦੇ ਕਰਨਪ੍ਰਯਾਗ ਵਿਖੇ ਵਾਪਰੀ ਘਟਨਾ ਤੋਂ ਬਾਅਦ ਸ਼ਰਧਾਲੂ ਸਿੱਖ ਨੌਜਵਾਨਾਂ ਖ਼ਿਲਾਫ਼ ਇਕਪਾਸੜ ਪਰਚਾ ਦਰਜ ਕਰਕੇ ਉਨ੍ਹਾਂ ਉੱਤੇ ਸਥਾਨਕ ਪੁਲਿਸ ਵੱਲੋਂ ਕੀਤੇ ਗਏ ਕਥਿਤ ਜਬਰ-ਜ਼ੁਲਮ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਹੁਣ ਤੱਕ ਸਾਹਮਣੇ ਆਏ ਤੱਥਾਂ ਅਤੇ ਵੀਡੀਓ ਸਬੂਤਾਂ ਤੋਂ ਇਹ ਸਪੱਸ਼ਟ ਹੁੰਦਾ ਹੈ ਕਿ ਸਿੱਖ ਨੌਜਵਾਨਾਂ ਦਾ ਕੋਈ ਕਸੂਰ ਨਹੀਂ ਸੀ, ਸਗੋਂ ਝਗੜੇ ਦੀ ਸ਼ੁਰੂਆਤ ਸਥਾਨਕ ਲੋਕਾਂ ਵੱਲੋਂ ਕੀਤੀ ਗਈ ਸੀ। ਇਸ ਦੇ ਬਾਵਜੂਦ ਪੁਲਿਸ ਨੇ ਨਿਰਪੱਖਤਾ ਨਾਲ ਕਾਰਵਾਈ ਕਰਨ ਦੀ ਬਜਾਏ ਸਿੱਖ ਨੌਜਵਾਨਾਂ ਨੂੰ ਹੀ ਨਿਸ਼ਾਨਾ ਬਣਾਇਆ।

ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਨਾਜਾਇਜ਼ ਤੌਰ 'ਤੇ ਗ੍ਰਿਫ਼ਤਾਰ ਕੀਤੇ ਗਏ ਸਿੱਖ ਨੌਜਵਾਨਾਂ ਨੂੰ ਤੁਰੰਤ ਰਿਹਾਅ ਕਰਨ ਦੀ ਮੰਗ ਕਰਦਿਆਂ ਕਿਹਾ ਕਿ ਸਿੱਖ ਸ਼ਰਧਾਲੂਆਂ ਉੱਤੇ ਸਾਜ਼ਿਸ਼ ਤਹਿਤ ਹਮਲਾ ਕਰਨ ਵਾਲੇ ਤੱਤਾਂ ਖ਼ਿਲਾਫ਼ ਤੁਰੰਤ ਪਰਚਾ ਦਰਜ ਕਰਕੇ ਉਨ੍ਹਾਂ ਨੂੰ ਗ੍ਰਿਫ਼ਤਾਰ ਕੀਤਾ ਜਾਵੇ। ਇਸ ਦੇ ਨਾਲ ਹੀ ਸਿੱਖ ਨੌਜਵਾਨਾਂ ਉੱਤੇ ਤਸ਼ੱਦਦ ਕਰਨ ਅਤੇ ਪੱਖਪਾਤੀ ਰਵੱਈਆ ਅਪਣਾਉਣ ਵਾਲੇ ਪੁਲਿਸ ਅਧਿਕਾਰੀਆਂ ਖ਼ਿਲਾਫ਼ ਵੀ ਸਖ਼ਤ ਅਨੁਸ਼ਾਸਨਾਤਮਕ ਅਤੇ ਕਾਨੂੰਨੀ ਕਾਰਵਾਈ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਸਿੱਖ ਨੌਜਵਾਨਾਂ ਉੱਤੇ ਸਖ਼ਤ ਧਾਰਾਵਾਂ ਤਹਿਤ ਮਾਮਲੇ ਦਰਜ ਕਰਨਾ, ਹਿਰਾਸਤ ਦੌਰਾਨ ਕਥਿਤ ਤੌਰ 'ਤੇ ਉਨ੍ਹਾਂ ਨਾਲ ਅਣਮਨੁੱਖੀ ਸਲੂਕ ਕਰਨਾ ਅਤੇ ਇੱਥੋਂ ਤੱਕ ਕਿ ਉਨ੍ਹਾਂ ਦੀਆਂ ਦਸਤਾਰਾਂ ਉਤਾਰ ਕੇ ਅਦਾਲਤ ਵਿੱਚ ਨੰਗੇ ਸਿਰ ਪੇਸ਼ ਕਰਨਾ ਬਹੁਤ ਹੀ ਨਿੰਦਣਯੋਗ ਅਤੇ ਸਿੱਖ ਧਾਰਮਿਕ ਭਾਵਨਾਵਾਂ ਨੂੰ ਗੰਭੀਰ ਠੇਸ ਪਹੁੰਚਾਉਣ ਵਾਲਾ ਕਦਮ ਹੈ। ਉਨ੍ਹਾਂ ਕਿਹਾ ਕਿ ਦਸਤਾਰ ਸਿੱਖ ਦੀ ਅਸਮਿਤਾ, ਸਵੈਮਾਣ ਅਤੇ ਧਾਰਮਿਕ ਪਹਿਚਾਣ ਦਾ ਅਟੁੱਟ ਅੰਗ ਹੈ ਅਤੇ ਇਸ ਨਾਲ ਕੀਤੀ ਗਈ ਕਿਸੇ ਵੀ ਕਿਸਮ ਦੀ ਬੇਅਦਬੀ ਨੂੰ ਸਿੱਖ ਕੌਮ ਕਦੇ ਵੀ ਸਹਿਣ ਨਹੀਂ ਕਰੇਗੀ।

ਦਮਦਮੀ ਟਕਸਾਲ ਦੇ ਮੁਖੀ ਨੇ ਕਿਹਾ ਕਿ ਉੱਤਰਾਖੰਡ ਸਰਕਾਰ ਦੀ ਜ਼ਿੰਮੇਵਾਰੀ ਹੈ ਕਿ ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਦੀ ਯਾਤਰਾ 'ਤੇ ਜਾਣ ਵਾਲੇ ਲੱਖਾਂ ਸਿੱਖ ਸ਼ਰਧਾਲੂਆਂ ਦੀ ਸੁਰੱਖਿਆ, ਸਨਮਾਨ ਅਤੇ ਧਾਰਮਿਕ ਆਜ਼ਾਦੀ ਨੂੰ ਹਰ ਹਾਲਤ ਵਿੱਚ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਸਿੱਖ ਭਾਈਚਾਰੇ ਨਾਲ ਕਿਸੇ ਵੀ ਤਰ੍ਹਾਂ ਦਾ ਵਿਤਕਰਾ, ਧੱਕੇਸ਼ਾਹੀ ਜਾਂ ਪੱਖਪਾਤੀ ਵਤੀਰਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਉੱਤਰਾਖੰਡ ਅਤੇ ਹਿਮਾਚਲ ਪ੍ਰਦੇਸ਼ ਵਿੱਚ ਪਿਛਲੇ ਕਾਫ਼ੀ ਸਮੇਂ ਤੋਂ ਧਾਰਮਿਕ ਯਾਤਰਾਵਾਂ ਦੌਰਾਨ ਸਿੱਖ ਸ਼ਰਧਾਲੂਆਂ ਨਾਲ ਵਾਪਰ ਰਹੀਆਂ ਘਟਨਾਵਾਂ ਨੂੰ ਗੰਭੀਰਤਾ ਨਾਲ ਲੈਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਘਟਨਾਵਾਂ ਦੇ ਪਿੱਛੇ ਕੰਮ ਕਰ ਰਹੇ ਨਫ਼ਰਤੀ ਅਤੇ ਫ਼ਿਰਕੂ ਤੱਤਾਂ ਨੂੰ ਬੇਨਕਾਬ ਕਰਨਾ ਸਮੇਂ ਦੀ ਲੋੜ ਹੈ ਤਾਂ ਜੋ ਭਾਈਚਾਰਕ ਸਾਂਝ, ਆਪਸੀ ਵਿਸ਼ਵਾਸ ਅਤੇ ਦੇਸ਼ ਦੀ ਏਕਤਾ ਨੂੰ ਨੁਕਸਾਨ ਪਹੁੰਚਾਉਣ ਵਾਲੀਆਂ ਸਾਜ਼ਿਸ਼ਾਂ ਨੂੰ ਨਾਕਾਮ ਕੀਤਾ ਜਾ ਸਕੇ।

ਉਨ੍ਹਾਂ ਦੱਸਿਆ ਕਿ ਇਸ ਮਾਮਲੇ ਦੀ ਸੱਚਾਈ ਸਾਹਮਣੇ ਲਿਆਉਣ ਅਤੇ ਪੀੜਤ ਸਿੱਖ ਨੌਜਵਾਨਾਂ ਨੂੰ ਇਨਸਾਫ਼ ਦਿਵਾਉਣ ਲਈ ਗਿਆਨੀ ਸਾਹਿਬ ਸਿੰਘ ਦੀ ਅਗਵਾਈ ਹੇਠ ਗਿਆਨੀ ਸਤਨਾਮ ਸਿੰਘ, ਗਿਆਨੀ ਗੁਰਪ੍ਰੀਤ ਸਿੰਘ ਵੈਦ, ਗਿਆਨੀ ਰਵਿੰਦਰਪਾਲ ਸਿੰਘ ਅਤੇ ਗਿਆਨੀ ਅਵਤਾਰ ਸਿੰਘ ਮਾਲੂਵਾਲ ਦੇ ਸ਼ਾਮਲ ਇੱਕ ਵਫ਼ਦ ਵੱਲੋਂ ਕਰਨਪ੍ਰਯਾਗ ਦੇ ਜ਼ਿਲ੍ਹਾ ਮੈਜਿਸਟਰੇਟ ਨਾਲ ਮੁਲਾਕਾਤ ਕਰਕੇ ਮਾਮਲੇ ਦੀ ਤਹਿ ਤੱਕ ਜਾਣ ਅਤੇ ਸਾਰੇ ਪੱਖਾਂ ਦੀ ਜਾਂਚ ਕਰਵਾਉਣ ਲਈ ਜ਼ੋਰਦਾਰ ਮੰਗ ਕੀਤੀ ਜਾਵੇਗੀ।

ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਕਿਹਾ ਕਿ ਜੇਕਰ ਦੋਸ਼ੀਆਂ ਖ਼ਿਲਾਫ਼ ਨਿਰਪੱਖ ਕਾਰਵਾਈ ਨਾ ਕੀਤੀ ਗਈ ਅਤੇ ਬੇਕਸੂਰ ਸਿੱਖ ਨੌਜਵਾਨਾਂ ਨੂੰ ਇਨਸਾਫ਼ ਨਾ ਮਿਲਿਆ ਤਾਂ ਸਿੱਖ ਸੰਸਥਾਵਾਂ ਅਤੇ ਸੰਤ ਸਮਾਜ ਇਸ ਮਾਮਲੇ ਨੂੰ ਹੋਰ ਉੱਚ ਪੱਧਰ 'ਤੇ ਉਠਾਉਣ ਲਈ ਮਜਬੂਰ ਹੋਣਗੇ।

ਕਰਨਪ੍ਰਯਾਗ ਘਟਨਾ ਸਬੰਧੀ ਉੱਤਰਾਖੰਡ ਦੇ ਮੁੱਖ ਮੰਤਰੀ ਸ੍ਰੀ ਪੁਸ਼ਕਰ ਸਿੰਘ ਧਾਮੀ ਨੂੰ ਪੱਤਰ ਲਿਖ ਕੇ ਉੱਚ ਪੱਧਰੀ ਨਿਰਪੱਖ ਜਾਂਚ ਦੀ ਮੰਗ

# ਦੋਸ਼ੀ ਅਧਿਕਾਰੀਆਂ ਅਤੇ ਨਫ਼ਰਤ ਫੈਲਾਉਣ ਵਾਲੇ ਤੱਤਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ: ਪ੍ਰੋ. ਸਰਚਾਂਦ ਸਿੰਘ ਖਿਆਲਾ



**ਅੰਮ੍ਰਿਤਸਰ, 20 ਜੂਨ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਜਨਤਾ ਪਾਰਟੀ ਪੰਜਾਬ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਉੱਤਰਾਖੰਡ ਦੇ ਮੁੱਖ ਮੰਤਰੀ ਸ਼੍ਰੀ ਪੁਸ਼ਕਰ ਸਿੰਘ ਧਾਮੀ ਨੂੰ ਇੱਕ ਪੱਤਰ ਲਿਖ ਕੇ ਕਰਨਪ੍ਰਯਾਗ ਵਿਖੇ ਸਿੱਖ ਸ਼ਰਧਾਲੂ ਨੌਜਵਾਨਾਂ ਨਾਲ ਵਾਪਰੀ ਘਟਨਾ ਦੀ ਉੱਚ ਪੱਧਰੀ, ਨਿਰਪੱਖ ਅਤੇ ਸਮਾਂਬੱਧ ਜਾਂਚ ਕਰਵਾਉਣ ਦੀ ਮੰਗ ਕੀਤੀ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਨਾਲ ਜੁੜੀਆਂ ਘਟਨਾਵਾਂ ਅਤੇ ਸਾਹਮਣੇ ਆ ਰਹੇ ਤੱਥਾਂ ਨੇ ਦੇਸ਼ ਭਰ ਦੇ ਸਿੱਖ ਭਾਈਚਾਰੇ ਵਿੱਚ ਗੰਭੀਰ ਚਿੰਤਾ ਪੈਦਾ ਕੀਤੀ ਹੈ, ਜਿਸ ਨੂੰ ਸੰਵੇਦਨਸ਼ੀਲਤਾ ਅਤੇ ਨਿਰਪੱਖਤਾ ਨਾਲ ਸੰਬੋਧਨ ਕੀਤਾ ਜਾਣਾ ਚਾਹੀਦਾ ਹੈ। ਪ੍ਰੋ. ਖਿਆਲਾ ਨੇ ਕਿਹਾ ਕਿ ਮੀਡੀਆ ਰਿਪੋਰਟਾਂ, ਵੀਡੀਓ ਸਬੂਤਾਂ ਅਤੇ ਸਥਾਨਕ ਜਾਣਕਾਰੀਆਂ ਤੋਂ ਇਹ ਪ੍ਰਭਾਵ ਬਣਿਆ ਹੈ ਕਿ ਵਿਵਾਦ ਦੀ ਸ਼ੁਰੂਆਤ ਸਿੱਖ ਨੌਜਵਾਨਾਂ ਵੱਲੋਂ ਨਹੀਂ ਹੋਈ ਸੀ, ਫਿਰ ਵੀ ਪੁਲਿਸ ਪ੍ਰਸ਼ਾਸਨ ਨੇ ਮਾਮਲੇ ਨੂੰ ਨਿਰਪੱਖ ਢੰਗ ਨਾਲ ਨਿਪਟਾਉਣ ਦੀ ਬਜਾਏ ਸਿੱਖ ਨੌਜਵਾਨਾਂ ਖ਼ਿਲਾਫ਼ ਹੀ ਇੱਕ ਤਰਫ਼ਾ ਕਾਰਵਾਈ ਕੀਤੀ। ਉਨ੍ਹਾਂ ਕਿਹਾ ਕਿ ਅਜਿਹੀਆਂ ਕਾਰਵਾਈਆਂ ਨਾ ਸਿਰਫ਼ ਨਿਆਂ ਪ੍ਰਣਾਲੀ ਦੀ ਨਿਰਪੱਖਤਾ 'ਤੇ ਸਵਾਲ ਖੜ੍ਹੇ ਕਰਦੀਆਂ ਹਨ, ਸਗੋਂ ਸਮਾਜ ਵਿੱਚ ਬੇਲੋੜਾ ਅਵਿਸ਼ਵਾਸ ਵੀ ਪੈਦਾ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਸਿੱਖ ਨੌਜਵਾਨਾਂ ਦੀਆਂ ਦਸਤਾਰਾਂ ਉਤਾਰ ਕੇ ਅਦਾਲਤ ਵਿੱਚ ਪੇਸ਼ ਕੀਤੇ ਜਾਣ ਸਬੰਧੀ ਸਾਹਮਣੇ ਆਈਆਂ ਰਿਪੋਰਟਾਂ ਬਹੁਤ ਹੀ ਗੰਭੀਰ ਹਨ। ਦਸਤਾਰ ਸਿੱਖ ਧਰਮ ਵਿੱਚ ਸਵੈਮਾਣ, ਧਾਰਮਿਕ ਮਰਿਆਦਾ ਅਤੇ ਪਹਿਚਾਣ ਦਾ ਪ੍ਰਤੀਕ ਹੈ। ਇਸ ਲਈ ਇਸ ਮਾਮਲੇ ਦੀ ਪੂਰੀ ਸੱਚਾਈ ਸਾਹਮਣੇ ਲਿਆਉਣਾ ਅਤੇ ਜ਼ਿੰਮੇਵਾਰ ਵਿਅਕਤੀਆਂ ਦੀ ਜਵਾਬਦੇਹੀ ਤੈਅ ਕਰਨਾ ਬਹੁਤ ਜ਼ਰੂਰੀ ਹੈ। ਪ੍ਰੋ. ਖਿਆਲਾ ਨੇ ਕਿਹਾ ਕਿ ਅਮਨ-ਸ਼ਾਂਤੀ, ਕਾਨੂੰਨ ਦਾ ਰਾਜ ਅਤੇ ਭਾਈਚਾਰਕ ਸਾਂਝ ਨੂੰ ਕਾਇਮ ਰੱਖਣਾ ਪੁਲਿਸ ਅਤੇ ਪ੍ਰਸ਼ਾਸਨ ਦੀ ਮੁੱਢਲੀ ਜ਼ਿੰਮੇਵਾਰੀ ਹੁੰਦੀ ਹੈ। ਪਰ ਜੇਕਰ ਕਿਸੇ ਵੀ ਪੱਧਰ 'ਤੇ ਪੱਖਪਾਤੀ ਰਵੱਈਏ ਦੀ ਧਾਰਨਾ ਬਣਦੀ ਹੈ ਤਾਂ ਇਸ ਨਾਲ ਸਮਾਜਕ ਤਣਾਅ ਵਧਣ ਦਾ ਖ਼ਤਰਾ ਪੈਦਾ ਹੁੰਦਾ ਹੈ। ਉਨ੍ਹਾਂ ਕਿਹਾ ਕਿ ਕਰਨਪ੍ਰਯਾਗ ਮਾਮਲੇ ਦੀ ਜਾਂਚ ਕਿਸੇ ਉੱਚ ਪੱਧਰੀ ਵਿਸ਼ੇਸ਼ ਜਾਂਚ ਟੀਮ ਜਾਂ ਕਿਸੇ ਸੀਨੀਅਰ ਅਤੇ ਸੁਤੰਤਰ ਏਜੰਸੀ ਤੋਂ ਕਰਵਾਈ ਜਾਣੀ ਚਾਹੀਦੀ ਹੈ ਤਾਂ ਜੋ ਸੱਚਾਈ ਸਾਹਮਣੇ ਆ ਸਕੇ ਅਤੇ ਨਿਆਂ ਹੁੰਦਾ ਹੋਇਆ ਦਿਖਾਈ ਵੀ ਦੇਵੇ। ਭਾਜਪਾ ਬੁਲਾਰੇ ਨੇ ਮੰਗ ਕੀਤੀ ਕਿ ਜੇਕਰ ਜਾਂਚ ਦੌਰਾਨ ਕਿਸੇ ਅਧਿਕਾਰੀ ਵੱਲੋਂ ਅਧਿਕਾਰਾਂ ਦੇ ਦੁਰਪਯੋਗ, ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਜਾਂ ਇੱਕ ਪਾਸੜ ਕਾਰਵਾਈ ਕਰਨ ਦੇ ਤੱਥ ਸਾਹਮਣੇ ਆਉਂਦੇ ਹਨ ਤਾਂ ਉਨ੍ਹਾਂ ਖ਼ਿਲਾਫ਼ ਸਖ਼ਤ ਕਾਨੂੰਨੀ ਅਤੇ ਵਿਭਾਗੀ ਕਾਰਵਾਈ ਕੀਤੀ ਜਾਵੇ। ਇਸ ਦੇ ਨਾਲ ਹੀ ਝਗੜੇ ਨੂੰ ਭੜਕਾਉਣ, ਸਿੱਖ ਸ਼ਰਧਾਲੂਆਂ 'ਤੇ ਹਮਲਾ ਕਰਨ ਜਾਂ ਸਮਾਜ ਵਿੱਚ ਨਫ਼ਰਤ ਅਤੇ ਕੁੜਤਨ ਦਾ ਮਾਹੌਲ ਪੈਦਾ ਕਰਨ ਵਾਲੇ ਤੱਤਾਂ ਦੀ ਪਛਾਣ ਕਰਕੇ ਉਨ੍ਹਾਂ ਖ਼ਿਲਾਫ਼ ਵੀ ਸਖ਼ਤ ਕਾਰਵਾਈ ਕੀਤੀ ਜਾਵੇ। ਪ੍ਰੋ. ਖਿਆਲਾ ਨੇ ਕਿਹਾ ਕਿ ਸ੍ਰੀ ਹੇਮਕੁੰਟ ਸਾਹਿਬ ਦੀ ਯਾਤਰਾ 'ਤੇ ਹਰ ਸਾਲ ਦੇਸ਼ ਅਤੇ ਵਿਦੇਸ਼ ਤੋਂ ਲੱਖਾਂ ਸ਼ਰਧਾਲੂ ਪਹੁੰਚਦੇ ਹਨ। ਉੱਤਰਾਖੰਡ ਸਰਕਾਰ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਨ੍ਹਾਂ ਦੀ ਸੁਰੱਖਿਆ, ਸਨਮਾਨ ਅਤੇ ਧਾਰਮਿਕ ਆਜ਼ਾਦੀ ਨੂੰ ਹਰ ਹਾਲਤ ਵਿੱਚ ਯਕੀਨੀ ਬਣਾਇਆ ਜਾਵੇ, ਤਾਂ ਜੋ ਕਿਸੇ ਵੀ ਸ਼ਰਧਾਲੂ ਨੂੰ ਅਸੁਰੱਖਿਆ ਜਾਂ ਵਿਤਕਰੇ ਦਾ ਅਹਿਸਾਸ ਨਾ ਹੋਵੇ। ਉਨ੍ਹਾਂ ਕਿਹਾ ਕਿ ਮਾਣਯੋਗ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਭਾਰਤੀ ਜਨਤਾ ਪਾਰਟੀ "ਸਭ ਕਾ ਸਾਥ, ਸਭ ਕਾ ਵਿਕਾਸ, ਸਭ ਕਾ ਵਿਸ਼ਵਾਸ ਅਤੇ ਸਭ ਕਾ ਪ੍ਰਯਾਸ" ਦੇ ਮੂਲ ਮੰਤਰ ਨੂੰ ਲੈ ਕੇ ਸਮਾਜਿਕ ਸਦਭਾਵਨਾ ਅਤੇ ਰਾਸ਼ਟਰੀ ਏਕਤਾ ਨੂੰ ਮਜ਼ਬੂਤ ਕਰਨ ਲਈ ਕੰਮ ਕਰ ਰਹੀ ਹੈ। ਇਸ ਲਈ ਜੋ ਵੀ ਤੱਤ ਧਾਰਮਿਕ ਭਾਵਨਾਵਾਂ ਨੂੰ ਭੜਕਾਉਣ, ਭਾਈਚਾਰਕ ਸਾਂਝ ਨੂੰ ਨੁਕਸਾਨ ਪਹੁੰਚਾਉਣ ਜਾਂ ਸਮਾਜ ਵਿੱਚ ਵੰਡ ਅਤੇ ਨਫ਼ਰਤ ਦਾ ਮਾਹੌਲ ਪੈਦਾ ਕਰਨ ਦੀ ਕੋਸ਼ਿਸ਼ ਕਰਦੇ ਹਨ, ਉਨ੍ਹਾਂ ਨੂੰ ਕਾਨੂੰਨ ਅਨੁਸਾਰ ਸਖ਼ਤ ਸਬਕ ਸਿਖਾਇਆ ਜਾਣਾ ਚਾਹੀਦਾ ਹੈ। ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਆਸ ਪ੍ਰਗਟ ਕੀਤੀ ਕਿ ਉੱਤਰਾਖੰਡ ਸਰਕਾਰ ਇਸ ਮਾਮਲੇ ਨੂੰ ਪੂਰੀ ਗੰਭੀਰਤਾ ਨਾਲ ਲੈਂਦਿਆਂ ਨਿਰਪੱਖ ਜਾਂਚ ਅਤੇ ਨਿਆਂ ਨੂੰ ਯਕੀਨੀ ਬਣਾਏਗੀ ਅਤੇ ਸੂਬੇ ਦੀ ਧਾਰਮਿਕ ਸਹਿਣਸ਼ੀਲਤਾ, ਆਪਸੀ ਸਤਿਕਾਰ ਅਤੇ ਸਮਾਜਿਕ ਸਦਭਾਵਨਾ ਦੀ ਪਰੰਪਰਾ ਨੂੰ ਹੋਰ ਮਜ਼ਬੂਤ ਕਰੇਗੀ।

# ਸੰਤ ਬਾਬਾ ਗੁਰਦੀਪ ਸਿੰਘ ਖੁਜਾਲੇ ਵਾਲਿਆਂ ਨੇ ਸੰਤ ਬਾਬਾ ਸੁੱਖਾ ਸਿੰਘ ਜੋਤੀਸਰ ਵਾਲਿਆਂ ਨਾਲ ਦੁੱਖ ਸਾਂਝਾ ਕੀਤਾ



**ਚੌਕ ਮਹਿਤਾ, 20 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਪਿੱਛਲੇ ਦਿਨੀ ਸੰਤ ਬਾਬਾ ਸੁੱਖਾ ਸਿੰਘ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਅਤੇ ਗੁਰਦੁਆਰਾ ਜੋਤੀਸਰ ਸ਼ਿਮਲਾ ਵਾਲਿਆਂ ਦੇ ਛੋਟੇ ਭਰਾ ਰਾਜਵਿੰਦਰ ਸਿੰਘ ਰਾਜੂ ਆਪਣੇ ਸੁਆਸਾਂ ਦੀ ਪੂੰਜੀ ਨੂੰ ਪੂਰੇ ਕਰਦੇ ਹੋਏ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਜਾ ਬਿਰਾਜੇ ਸਨ। ਇਸ ਦੁੱਖ ਦੀ ਘੜੀ ਵਿੱਚ ਦੁੱਖ ਸਾਂਝਾ ਕਰਨ ਲਈ ਗੁਰਦੁਆਰਾ ਨਾਨਕ ਦਰਬਾਰ ਸੰਪ੍ਰਦਾਇ ਹਰਖੋਵਾਲ ਖੁਜਾਲਾ ਦੇ ਮੌਜੂਦਾ ਮੁੱਖੀ ਸ੍ਰੀ ਮਾਨ ਸੰਤ ਬਾਬਾ ਗੁਰਦੀਪ ਸਿੰਘ ਜੀ ਨੇ ਸੰਤ ਬਾਬਾ ਸੁੱਖਾ ਸਿੰਘ ਜੀ ਨਾਲ ਦੁੱਖ ਸਾਂਝਾ ਕੀਤਾ। ਵਿੱਛੜੀ ਰੂਹ ਦੇ ਨਮਿੱਤ ਮੂਲ ਮੰਤਰ ਸਾਹਿਬ ਜੀ ਦਾ ਜਾਪੁ ਕਰਕੇ ਵਾਹਿਗੁਰੂ ਜੀ ਦੇ ਚਰਨਾਂ ਵਿੱਚ ਅਰਦਾਸ ਬੇਨਤੀ ਕੀਤੀ ਕਿ ਵਿੱਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਅਤੇ ਪਿਛਲੇ ਪਰਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ ਦੀ ਅਰਦਾਸ ਬੇਨਤੀ ਕੀਤੀ। ਸੰਤ ਬਾਬਾ ਗੁਰਦੀਪ ਸਿੰਘ ਜੀ ਦੇ ਨਾਲ ਉਨ੍ਹਾਂ ਦੇ ਗੜਵੀ ਬਾਬਾ ਦੀਪ ਸਿੰਘ , ਦਿਲਬਾਗ ਸਿੰਘ ਤਲਵੰਡੀ, ਤੇਜਿੰਦਰ ਸਿੰਘ ਮੁਕੰਦਪੁਰ, ਮਾਸਟਰ ਜੱਸਾ ਸਿੰਘ ਖੁਜਾਲਾ , ਜਸਕਰਨ ਸਿੰਘ ਚਾਟੀਵਿੰਡ ਅਤੇ ਹੋਰ ਸੇਵਾਦਾਰਾਂ ਹਾਜ਼ਰ ਸਨ।

# ਨਿਹੰਗ ਸਿੰਘਾਂ ਦੇ ਧਾਰਮਿਕ ਹੱਕਾਂ ਦੀ ਰੱਖਿਆ ਲਈ ਕੇਂਦਰ ਸਰਕਾਰ ਕੋਲ ਦਖ਼ਲ ਦੀ ਮੰਗ

## ਡਾ. ਅਬਿਨਾਸ਼ ਸਿੰਘ ਮਹਾਪਾਤ੍ਰਾ ਨੇ ਘੱਟਗਿਣਤੀ ਮਾਮਲਿਆਂ ਦੇ ਮੰਤਰੀ ਕਿਰਨ ਰਿਜਿਜੂ ਨੂੰ ਭੇਜਿਆ ਮੰਗ ਪੱਤਰ



**ਨਵੀਂ ਦਿੱਲੀ, 18 ਜੂਨ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ (96 ਕਰੋੜੀ : ਪੰਜਵਾਂ ਤਖ਼ਤ) ਦੇ ਸਿੱਖ ਇਤਿਹਾਸਕਾਰ ਡਾ. ਅਬਿਨਾਸ਼ ਸਿੰਘ ਮਹਾਪਾਤ੍ਰਾ ਨੇ ਕੇਂਦਰੀ ਘੱਟਗਿਣਤੀ ਮਾਮਲਿਆਂ ਦੇ ਮੰਤਰੀ ਸ੍ਰੀ ਕਿਰਨ ਰਿਜਿਜੂ ਨੂੰ ਇੱਕ ਮੰਗ ਪੱਤਰ ਭੇਜ ਕੇ ਨਿਹੰਗ ਸਿੰਘਾਂ ਦੇ ਧਾਰਮਿਕ ਹੱਕਾਂ ਅਤੇ ਰਵਾਇਤੀ ਸਿੱਖ ਪਰੰਪਰਾਵਾਂ ਦੀ ਰੱਖਿਆ ਲਈ ਕੇਂਦਰ ਸਰਕਾਰ ਤੋਂ ਦਖ਼ਲ ਦੀ ਮੰਗ ਕੀਤੀ ਹੈ। ਡਾ. ਮਹਾਪਾਤ੍ਰਾ ਨੇ ਆਪਣੇ ਪੱਤਰ ਵਿੱਚ ਕਿਹਾ ਕਿ ਉੱਤਰਾਖੰਡ ਦੇ ਕਰਨਪ੍ਰਯਾਗ ਖੇਤਰ ਵਿੱਚ ਵਾਪਰੀ ਇੱਕ ਘਟਨਾ ਤੋਂ ਬਾਅਦ ਕੁਝ ਸੰਸਥਾਵਾਂ ਵੱਲੋਂ ਧਾਰਮਿਕ ਯਾਤਰਾਵਾਂ ਦੌਰਾਨ ਨਿਹੰਗ ਸਿੰਘਾਂ ਵੱਲੋਂ ਰਵਾਇਤੀ ਸ਼ਸਤਰ ਧਾਰਨ ਕਰਨ ਅਤੇ ਉਨ੍ਹਾਂ ਦੇ ਪ੍ਰਦਰਸ਼ਨ ਉੱਤੇ ਪਾਬੰਦੀ ਲਗਾਉਣ ਦੀ ਮੰਗ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਮੰਗਾਂ ਸਿੱਖ ਧਰਮ ਦੀਆਂ ਪਰੰਪਰਾਵਾਂ ਅਤੇ ਸੰਵਿਧਾਨ ਵੱਲੋਂ ਦਿੱਤੀ ਧਾਰਮਿਕ ਆਜ਼ਾਦੀ ਦੇ ਖ਼ਿਲਾਫ਼ ਹਨ। ਮੰਗ ਪੱਤਰ ਵਿੱਚ ਡਾ. ਮਹਾਪਾਤ੍ਰਾ ਨੇ ਕਿਹਾ ਕਿ ਸਿੱਖ ਧਰਮ ਵਿੱਚ ਕਿਰਪਾਨ ਅਤੇ ਹੋਰ ਰਵਾਇਤੀ ਸ਼ਸਤਰਾਂ ਦਾ ਵਿਸ਼ੇਸ਼ ਮਹੱਤਵ ਹੈ। ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਵੱਲੋਂ ਮੀਰੀ-ਪੀਰੀ ਦੇ ਸਿਧਾਂਤ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਖ਼ਾਲਸਾ ਪੰਥ ਦੀ ਸਾਜਨਾ ਤੋਂ ਬਾਅਦ ਸ਼ਸਤਰ ਸਿੱਖ ਜੀਵਨ ਦਾ ਅਹਿਮ ਹਿੱਸਾ ਬਣੇ। ਉਨ੍ਹਾਂ ਕਿਹਾ ਕਿ ਨਿਹੰਗ ਸਿੰਘ ਸਦੀਆਂ ਤੋਂ ਇਸ ਪਰੰਪਰਾ ਨੂੰ ਨਿਭਾਉਂਦੇ ਆ ਰਹੇ ਹਨ ਅਤੇ ਧਰਮ, ਇਨਸਾਫ਼ ਅਤੇ ਕਮਜ਼ੋਰਾਂ ਦੀ ਰੱਖਿਆ ਦੇ ਸਿਧਾਂਤਾਂ 'ਤੇ ਚੱਲਦੇ ਹਨ। ਉਨ੍ਹਾਂ ਨੇ ਪੰਜਾਬ ਸਰਕਾਰ ਅਤੇ ਭਾਰਤ ਸਰਕਾਰ ਵੱਲੋਂ ਪਹਿਲਾਂ ਦਿੱਤੀਆਂ ਗਈਆਂ ਕਾਨੂੰਨੀ ਮਾਨਤਾਵਾਂ ਦਾ ਹਵਾਲਾ ਦਿੰਦਿਆਂ ਕਿਹਾ ਕਿ ਨਿਹੰਗ ਸਿੰਘਾਂ ਨੂੰ ਕੁਝ ਰਵਾਇਤੀ ਸ਼ਸਤਰ ਧਾਰਨ ਕਰਨ ਦੀ ਵਿਸ਼ੇਸ਼ ਛੋਟ ਪ੍ਰਾਪਤ ਰਹੀ ਹੈ। ਇਸ ਨਾਲ ਇਹ ਸਪੱਸ਼ਟ ਹੁੰਦਾ ਹੈ ਕਿ ਇਹ ਪਰੰਪਰਾ ਲੰਬੇ ਸਮੇਂ ਤੋਂ ਕਾਨੂੰਨੀ ਅਤੇ ਇਤਿਹਾਸਕ ਮਾਨਤਾ ਰੱਖਦੀ ਹੈ। ਡਾ. ਮਹਾਪਾਤ੍ਰਾ ਨੇ ਆਪਣੇ ਪੱਤਰ ਵਿੱਚ ਨਿਹੰਗ ਖ਼ਾਲਸਾ ਦੇ ਇਤਿਹਾਸਕ ਯੋਗਦਾਨ ਦਾ ਵੀ ਜ਼ਿਕਰ ਕੀਤਾ। ਉਨ੍ਹਾਂ ਕਿਹਾ ਕਿ ਬਾਬਾ ਜੱਸਾ ਸਿੰਘ ਆਹਲੂਵਾਲੀਆ, ਬਾਬਾ ਹਨੂੰਮਾਨ ਸਿੰਘ ਅਤੇ ਅਕਾਲੀ ਬਾਬਾ ਸਾਹਿਬ ਸਿੰਘ ਕਲਾਧਾਰੀ ਵਰਗੇ ਮਹਾਨ ਯੋਧਿਆਂ ਨੇ ਸਿੱਖ ਪੰਥ, ਦੇਸ਼ ਅਤੇ ਸੱਭਿਆਚਾਰ ਦੀ ਰੱਖਿਆ ਲਈ ਵੱਡੀਆਂ ਕੁਰਬਾਨੀਆਂ ਦਿੱਤੀਆਂ। ਨਿਹੰਗ ਸਿੰਘਾਂ ਨੇ ਸਿਰਫ਼ ਸਿੱਖ ਧਾਰਮਿਕ ਅਸਥਾਨਾਂ ਹੀ ਨਹੀਂ, ਸਗੋਂ ਭਾਰਤ ਦੀ ਸੱਭਿਆਚਾਰਕ ਅਤੇ ਆਧਿਆਤਮਿਕ ਵਿਰਾਸਤ ਦੀ ਰੱਖਿਆ ਵਿੱਚ ਵੀ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਮੰਗ ਪੱਤਰ ਵਿੱਚ ਸੋਸ਼ਲ ਮੀਡੀਆ ਉੱਤੇ ਨਿਹੰਗ ਬਾਣੇ, ਸਿੱਖ ਸ਼ਸਤਰਾਂ ਅਤੇ ਸਿੱਖ ਰਹਿਤ ਮਰਿਆਦਾ ਦਾ ਮਜ਼ਾਕ ਉਡਾਉਣ ਵਾਲੀ ਸਮੱਗਰੀ 'ਤੇ ਵੀ ਚਿੰਤਾ ਜਤਾਈ ਗਈ ਹੈ। ਡਾ. ਮਹਾਪਾਤ੍ਰਾ ਨੇ ਕਿਹਾ ਕਿ ਅਜਿਹੀ ਸਮੱਗਰੀ ਦੇਸ਼ ਅਤੇ ਵਿਦੇਸ਼ ਵਿੱਚ ਵੱਸਦੇ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾ ਰਹੀ ਹੈ ਅਤੇ ਸਮਾਜ ਵਿੱਚ ਬੇਲੋੜਾ ਤਣਾਅ ਪੈਦਾ ਕਰ ਸਕਦੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਜੇਕਰ ਕਿਸੇ ਵਿਅਕਤੀ ਵੱਲੋਂ ਕੋਈ ਗਲਤ ਕੰਮ ਕੀਤਾ ਗਿਆ ਹੈ ਤਾਂ ਉਸ ਦੀ ਜਾਂਚ ਕਾਨੂੰਨ ਅਨੁਸਾਰ ਹੋਣੀ ਚਾਹੀਦੀ ਹੈ, ਪਰ ਕਿਸੇ ਇੱਕ ਘਟਨਾ ਦੇ ਆਧਾਰ 'ਤੇ ਪੂਰੇ ਸਿੱਖ ਭਾਈਚਾਰੇ ਜਾਂ ਨਿਹੰਗ ਪਰੰਪਰਾ ਨੂੰ ਨਿਸ਼ਾਨਾ ਬਣਾਉਣਾ ਠੀਕ ਨਹੀਂ। ਡਾ. ਮਹਾਪਾਤ੍ਰਾ ਨੇ ਕੇਂਦਰ ਸਰਕਾਰ ਕੋਲ ਮੰਗ ਕੀਤੀ ਕਿ ਨਿਹੰਗ ਸਿੰਘਾਂ ਦੇ ਰਵਾਇਤੀ ਸ਼ਸਤਰਾਂ ਅਤੇ ਧਾਰਮਿਕ ਰਵਾਇਤਾਂ ਉੱਤੇ ਪਾਬੰਦੀ ਲਗਾਉਣ ਦੀ ਮੰਗ ਕਰਨ ਵਾਲੇ ਪੱਤਰਾਂ ਅਤੇ ਬਿਆਨਾਂ ਦੀ ਜਾਂਚ ਕੀਤੀ ਜਾਵੇ, ਸਿੱਖ ਧਰਮ ਦੇ ਧਾਰਮਿਕ ਚਿੰਨ੍ਹਾਂ ਅਤੇ ਪਰੰਪਰਾਵਾਂ ਵਿਰੁੱਧ ਕਿਸੇ ਵੀ ਭੇਦਭਾਵਪੂਰਨ ਕਾਰਵਾਈ ਨੂੰ ਰੋਕਿਆ ਜਾਵੇ, ਅਤੇ ਸਿੱਖ ਧਰਮ ਦੇ ਇਤਿਹਾਸਕ, ਧਾਰਮਿਕ ਅਤੇ ਸੰਵਿਧਾਨਕ ਮਹੱਤਵ ਬਾਰੇ ਲੋਕਾਂ ਵਿੱਚ ਜਾਗਰੂਕਤਾ ਪੈਦਾ ਕੀਤੀ ਜਾਵੇ। ਉਨ੍ਹਾਂ ਨੇ ਕਰਨਪ੍ਰਯਾਗ ਮਾਮਲੇ ਦੀ ਨਿਰਪੱਖ ਜਾਂਚ ਦੀ ਮੰਗ ਕਰਦਿਆਂ ਕਿਹਾ ਕਿ ਜਾਂਚ ਕਾਨੂੰਨ ਮੁਤਾਬਕ ਅਤੇ ਬਿਨਾਂ ਕਿਸੇ ਪੱਖਪਾਤ ਦੇ ਹੋਣੀ ਚਾਹੀਦੀ ਹੈ। ਨਾਲ ਹੀ ਉਨ੍ਹਾਂ ਨੇ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਨਿਹੰਗ ਖ਼ਾਲਸਾ ਦੀ ਮਰਿਆਦਾ, ਸਿੱਖ ਧਾਰਮਿਕ ਪਰੰਪਰਾਵਾਂ ਅਤੇ ਸੰਵਿਧਾਨਕ ਹੱਕਾਂ ਦੀ ਰੱਖਿਆ ਲਈ ਲੋੜੀਂਦੇ ਕਦਮ ਚੁੱਕੇ ਜਾਣ ਡਾ. ਮਹਾਪਾਤ੍ਰਾ ਨੇ ਕਿਹਾ ਕਿ ਨਿਹੰਗ ਖ਼ਾਲਸਾ ਨੇ ਸਦੀਆਂ ਤੋਂ ਦੇਸ਼ ਦੀ ਏਕਤਾ, ਸੁਰੱਖਿਆ, ਧਾਰਮਿਕ ਆਜ਼ਾਦੀ ਅਤੇ ਸੱਭਿਆਚਾਰਕ ਵਿਰਾਸਤ ਦੀ ਰੱਖਿਆ ਲਈ ਮਹੱਤਵਪੂਰਨ ਯੋਗਦਾਨ ਪਾਇਆ ਹੈ ਅਤੇ ਉਨ੍ਹਾਂ ਨੂੰ ਉਮੀਦ ਹੈ ਕਿ ਕੇਂਦਰ ਸਰਕਾਰ ਸਿੱਖ ਭਾਈਚਾਰੇ ਦੀਆਂ ਭਾਵਨਾਵਾਂ ਅਤੇ ਹੱਕਾਂ ਦੀ ਰੱਖਿਆ ਲਈ ਉਚਿਤ ਕਾਰਵਾਈ ਕਰੇਗੀ।

ਧਰਮ ਯੁੱਧ ਮੋਰਚੇ ਦੇ ਏਜੰਡੇ ਵਿੱਚ ਪੰਥਕ ਤੇ

# ਪੰਜਾਬ ਦੇ ਭਖਦੇ ਮਸਲੇ ਸ਼ਾਮਲ ਕੀਤੇ ਜਾਣ : ਪੰਥਕ ਜਥੇਬੰਦੀਆਂ ਇੰਦੌਰ




**ਨਵੀਂ ਦਿੱਲੀ, 20 ਜੂਨ (ਮਨਪ੍ਰੀਤ ਸਿੰਘ ਖਾਲਸਾ)**-ਬੀਤੇ ਦਿਨ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਵੱਲੋਂ ਇਹ ਸੰਕੇਤ ਦਿੱਤਾ ਗਿਆ ਸੀ ਕਿ ਪੰਜਾਬ ਦੇ ਹਿੱਤਾਂ ਅਤੇ ਹੱਕਾਂ ਦੀ ਰੱਖਿਆ ਲਈ ਜਲਦ ਹੀ ਧਰਮ ਯੁੱਧ ਮੋਰਚਾ ਸ਼ੁਰੂ ਕੀਤਾ ਜਾ ਸਕਦਾ ਹੈ। ਇਸੇ ਸੰਦਰਭ ਵਿੱਚ ਇੰਦੌਰ ਦੀਆਂ ਸਿੱਖ ਪੰਥਕ ਜਥੇਬੰਦੀਆਂ ਨੇ ਆਪਣੇ ਸੁਝਾਅ ਅਤੇ ਬੇਨਤੀਆਂ ਜਾਰੀ ਕਰਦਿਆਂ ਅਪੀਲ ਕੀਤੀ ਹੈ ਕਿ ਮੋਰਚੇ ਦੇ ਏਜੰਡੇ ਵਿੱਚ ਪੰਥ ਅਤੇ ਪੰਜਾਬ ਨਾਲ ਜੁੜੇ ਅਹਿਮ ਮਸਲਿਆਂ ਨੂੰ ਪ੍ਰਮੁੱਖਤਾ ਨਾਲ ਸ਼ਾਮਲ ਕੀਤਾ ਜਾਵੇ। ਜਥੇਬੰਦੀਆਂ ਵੱਲੋਂ ਜਾਰੀ ਬਿਆਨ ਵਿੱਚ ਪੰਜਾਬ ਦੇ ਪਾਣੀਆਂ ਦੇ ਹੱਕਾਂ, ਬੰਦੀ ਸਿੰਘਾਂ ਦੀ ਰਿਹਾਈ, ਕਥਿਤ ਨਕਲੀ ਪੁਲਿਸ ਮੁਕਾਬਲਿਆਂ, ਗੈਂਗਸਟਰਵਾਦ ਦੀ ਆੜ ਹੇਠ ਸਿੱਖ ਨੌਜਵਾਨਾਂ ਉੱਤੇ ਦਰਜ ਕੀਤੇ ਜਾ ਰਹੇ ਮਾਮਲਿਆਂ, ਨਸ਼ਿਆਂ ਦੇ ਵੱਧ ਰਹੇ ਪ੍ਰਸਾਰ, 1984 ਦੇ ਸਿੱਖ ਕਤਲੇਆਮ, ਸ੍ਰੀ ਦਰਬਾਰ ਸਾਹਿਬ ਉੱਤੇ ਹੋਏ ਫੌਜੀ ਹਮਲੇ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀ ਦੀਆਂ ਘਟਨਾਵਾਂ, ਅਨੰਦਪੁਰ ਸਾਹਿਬ ਦੇ ਮਤੇ, ਕਿਸਾਨੀ ਮਸਲਿਆਂ, ਐਮ.ਐਸ.ਪੀ. ਦੀ ਕਾਨੂੰਨੀ ਗਾਰੰਟੀ, ਪੰਜਾਬੀ ਭਾਸ਼ਾ ਅਤੇ ਸੱਭਿਆਚਾਰ ਨਾਲ ਸਬੰਧਤ ਮਸਲਿਆਂ ਨੂੰ ਸ਼ਾਮਲ ਕਰਨ ਦੀ ਮੰਗ ਕੀਤੀ ਗਈ ਹੈ। ਬਿਆਨ ਵਿੱਚ ਕਿਹਾ ਗਿਆ ਹੈ ਕਿ ਵਿਦੇਸ਼ਾਂ ਵਿੱਚ ਮਾਰੇ ਗਏ ਸਿੱਖ ਆਗੂਆਂ, ਸਿੱਖ ਨੌਜਵਾਨਾਂ ਉੱਤੇ ਦਰਜ ਕੀਤੇ ਗਏ ਕੇਸਾਂ, ਵਾਤਾਵਰਨ ਪ੍ਰਦੂਸ਼ਣ, ਪੰਜਾਬ ਵਿੱਚ ਵੱਧ ਰਹੇ ਨਸ਼ਿਆਂ, ਨੌਜਵਾਨੀ ਦੇ ਪਰਵਾਸ ਅਤੇ ਹੋਰ ਸਮਾਜਿਕ ਤੇ ਧਾਰਮਿਕ ਮਸਲਿਆਂ ਉੱਤੇ ਵੀ ਗੰਭੀਰਤਾ ਨਾਲ ਵਿਚਾਰ ਕੀਤਾ ਜਾਣਾ ਚਾਹੀਦਾ ਹੈ। ਇੰਦੌਰ ਦੀਆਂ ਸਿੱਖ ਪੰਥਕ ਜਥੇਬੰਦੀਆਂ ਨੇ ਇਹ ਵੀ ਸੁਝਾਅ ਦਿੱਤਾ ਹੈ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਛਤਰ-ਛਾਇਆ ਹੇਠ ਕਿਸਾਨ, ਮਜ਼ਦੂਰ ਅਤੇ ਮੁਲਾਜ਼ਮ ਜਥੇਬੰਦੀਆਂ, ਸੰਤ-ਮਹਾਂਪੁਰਖ, ਨਿਹੰਗ ਸਿੰਘ ਜਥੇਬੰਦੀਆਂ, ਮਿਸ਼ਨਰੀ ਸੰਸਥਾਵਾਂ, ਧਰਮੀ ਫੌਜੀ, ਸਾਬਕਾ ਫੌਜੀ, ਰਾਗੀ ਜਥੇ, ਪ੍ਰਚਾਰਕ, ਵਿਦਵਾਨ, ਮਨੁੱਖੀ ਅਧਿਕਾਰ ਸੰਗਠਨ, ਵਕੀਲ, ਪੱਤਰਕਾਰ ਅਤੇ ਹੋਰ ਪੰਥਕ ਸ਼ਖ਼ਸੀਅਤਾਂ ਨੂੰ ਇਕ ਮੰਚ 'ਤੇ ਇਕੱਠਾ ਕਰਕੇ ਸਾਂਝੀ ਰਣਨੀਤੀ ਉਲੀਕੀ ਜਾਵੇ। ਜਥੇਬੰਦੀਆਂ ਨੇ ਕਿਹਾ ਕਿ ਪੰਜਾਬ ਤੋਂ ਬਾਹਰ ਵੱਸਦੇ ਸਿੱਖਾਂ ਅਤੇ ਵਿਦੇਸ਼ਾਂ ਵਿੱਚ ਵਸਦੀ ਸੰਗਤ ਨੂੰ ਵੀ ਇਸ ਮੋਰਚੇ ਨਾਲ ਜੋੜਿਆ ਜਾਣਾ ਚਾਹੀਦਾ ਹੈ। ਇਸ ਦੇ ਨਾਲ ਹੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਵੱਖ-ਵੱਖ ਪੰਥਕ ਜਥੇਬੰਦੀਆਂ ਅਤੇ ਅਕਾਲੀ ਆਗੂਆਂ ਨੂੰ ਆਪਣੇ-ਆਪਣੇ ਖੇਤਰਾਂ ਵਿੱਚ ਸੰਗਤ ਨੂੰ ਨਾਲ ਲੈ ਕੇ ਇਸ ਲਹਿਰ ਨੂੰ ਮਜ਼ਬੂਤ ਕਰਨ ਲਈ ਅੱਗੇ ਆਉਣ ਦੀ ਅਪੀਲ ਕੀਤੀ ਗਈ ਹੈ। ਇੰਦੌਰ ਦੀਆਂ ਸਿੱਖ ਪੰਥਕ ਜਥੇਬੰਦੀਆਂ ਨੇ ਆਸ ਪ੍ਰਗਟਾਈ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਅਗਵਾਈ ਹੇਠ ਸਮੁੱਚੀ ਪੰਥਕ ਸ਼ਕਤੀ ਨੂੰ ਇੱਕ ਮੰਚ 'ਤੇ ਇਕੱਠਾ ਕਰਕੇ ਕੌਮ ਅਤੇ ਪੰਜਾਬ ਨਾਲ ਜੁੜੇ ਮਸਲਿਆਂ ਦੇ ਹੱਲ ਲਈ ਪ੍ਰਭਾਵਸ਼ਾਲੀ ਅਤੇ ਸ਼ਾਂਤਮਈ ਸੰਘਰਸ਼ ਨੂੰ ਅੱਗੇ ਵਧਾਇਆ ਜਾ ਸਕੇਗਾ।

ਨਿਹੰਗ ਸਿੰਘਾਂ ਨਾਲ ਧੱਕੇਸ਼ਾਹੀ ਅਤੇ ਨੰਗੇ ਸਿਰ ਅਦਾਲਤ ਵਿੱਚ ਪੇਸ਼ੀ ਅਸਹਿਣਯੋਗ

# ਬੇਕਸੂਰ ਸਿੰਘਾਂ ਦੀ ਤੁਰੰਤ ਰਿਹਾਈ ਹੋਵੇ : ਸ਼੍ਰੋਮਣੀ ਰਾਗੀ ਸਭਾ



**ਨਵੀਂ ਦਿੱਲੀ, 20 ਜੂਨ (ਮਨਪ੍ਰੀਤ ਸਿੰਘ ਖਾਲਸਾ)**-ਬੀਤੇ ਦਿਨੀਂ ਸ੍ਰੀ ਹੇਮਕੁੰਟ ਸਾਹਿਬ ਦੇ ਪਾਵਨ ਦਰਸ਼ਨ ਕਰਕੇ ਵਾਪਸ ਪਰਤ ਰਹੇ ਨਿਹੰਗ ਸਿੰਘ ਵੀਰਾਂ ਨਾਲ ਕਰਨਪ੍ਰਯਾਗ ਵਿਖੇ ਕੁਝ ਅਸਮਾਜਿਕ ਅਨਸਰਾਂ ਵੱਲੋਂ ਕਥਿਤ ਤੌਰ 'ਤੇ ਜਾਣਬੁੱਝ ਕੇ ਵਾਦ-ਵਿਵਾਦ ਖੜ੍ਹਾ ਕਰਕੇ ਹਮਲਾ ਕਰਨ ਦੀ ਕੋਸ਼ਿਸ਼ ਕੀਤੀ ਗਈ। ਹਾਲਾਤਾਂ ਦੀ ਗੰਭੀਰਤਾ ਅਤੇ ਸਵੈ-ਰੱਖਿਆ ਨੂੰ ਧਿਆਨ ਵਿੱਚ ਰੱਖਦਿਆਂ ਨਿਹੰਗ ਸਿੰਘ ਵੀਰਾਂ ਨੂੰ ਸ਼ਸਤਰ ਵਰਤਣ ਲਈ ਮਜਬੂਰ ਹੋਣਾ ਪਿਆ। ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਵੱਲੋਂ ਜ਼ਫ਼ਰਨਾਮੇ ਵਿੱਚ ਫਰਮਾਏ ਗਏ ਬਚਨ, "ਚੁ ਕਾਰ ਅਜ਼ ਹਮਾ ਹੀਲਤੇ ਦਰ ਗੁਜ਼ਸ਼ਤ, ਹਲਾਲ ਅਸਤ ਬੁਰਦਨ ਬ ਸ਼ਮਸ਼ੀਰ ਦਸਤ÷, ਦਾ ਹਵਾਲਾ ਦਿੰਦਿਆਂ ਉਨ੍ਹਾਂ ਕਿਹਾ ਕਿ ਜਦੋਂ ਸਾਰੇ ਸ਼ਾਂਤੀਪੂਰਨ ਉਪਰਾਲੇ ਅਸਫਲ ਹੋ ਜਾਣ ਤਾਂ ਸਵੈ-ਰੱਖਿਆ ਲਈ ਸ਼ਸਤਰ ਚੁੱਕਣਾ ਧਰਮ ਅਨੁਸਾਰ ਜਾਇਜ਼ ਹੈ। ਮੌਕੇ 'ਤੇ ਪੁੱਜੀ ਪੁਲਿਸ ਵੱਲੋਂ ਮਾਮਲਾ ਸੁਲਝਾਉਣ ਦਾ ਭਰੋਸਾ ਦੇਣ ਦੇ ਬਾਵਜੂਦ ਨਿਹੰਗ ਸਿੰਘ ਵੀਰਾਂ ਨਾਲ ਕਥਿਤ ਤੌਰ 'ਤੇ ਅਮਾਨਵੀ ਵਿਵਹਾਰ ਕੀਤਾ ਗਿਆ ਅਤੇ ਉਨ੍ਹਾਂ ਉੱਤੇ ਗੰਭੀਰ ਧਾਰਾਵਾਂ ਲਗਾ ਕੇ ਜੇਲ੍ਹ ਭੇਜ ਦਿੱਤਾ ਗਿਆ। ਸ਼੍ਰੋਮਣੀ ਰਾਗੀ ਸਭਾ, ਸ੍ਰੀ ਅੰਮ੍ਰਿਤਸਰ ਦੇ ਪ੍ਰਧਾਨ ਭਾਈ ਉਂਕਾਰ ਸਿੰਘ ਦੀ ਅਗਵਾਈ ਹੇਠ ਭਾਈ ਸ਼ੁਭਦੀਪ ਸਿੰਘ, ਭਾਈ ਅਮਨਦੀਪ ਸਿੰਘ, ਭਾਈ ਸਤਨਾਮ ਸਿੰਘ ਕੋਹਾੜਕਾ, ਭਾਈ ਕਾਰਜ ਸਿੰਘ, ਭਾਈ ਲਖਵਿੰਦਰ ਸਿੰਘ, ਭਾਈ ਗੁਰਵਿੰਦਰ ਸਿੰਘ ਅਨੰਦਪੁਰੀ, ਭਾਈ ਪਲਵਿੰਦਰ ਸਿੰਘ, ਭਾਈ ਸਤਿੰਦਰਬੀਰ ਸਿੰਘ, ਭਾਈ ਨਵਨੀਤ ਸਿੰਘ, ਭਾਈ ਕੰਵਲਦੀਪ ਸਿੰਘ, ਭਾਈ ਬਿਕਰਮਜੀਤ ਸਿੰਘ ਅਤੇ ਭਾਈ ਕਰਨੈਲ ਸਿੰਘ ਸਮੇਤ ਸਮੂਹ ਰਾਗੀ ਸਾਹਿਬਾਨ ਨੇ ਇਸ ਕਾਰਵਾਈ ਦੀ ਸਖ਼ਤ ਨਿੰਦਾ ਕਰਦਿਆਂ ਉੱਤਰਾਖੰਡ ਸਰਕਾਰ ਤੋਂ ਮੰਗ ਕੀਤੀ ਹੈ ਕਿ ਬੇਕਸੂਰ ਨਿਹੰਗ ਸਿੰਘ ਵੀਰਾਂ ਨੂੰ ਤੁਰੰਤ ਬਿਨਾਂ ਕਿਸੇ ਸ਼ਰਤ ਦੇ ਰਿਹਾਅ ਕੀਤਾ ਜਾਵੇ, ਉਨ੍ਹਾਂ ਦਾ ਯੋਗ ਇਲਾਜ ਕਰਵਾਇਆ ਜਾਵੇ ਅਤੇ ਸਮੁੱਚੇ ਮਾਮਲੇ ਦੀ ਉੱਚ ਪੱਧਰੀ ਅਤੇ ਨਿਰਪੱਖ ਜਾਂਚ ਕਰਵਾ ਕੇ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ। ਉਨ੍ਹਾਂ ਕਿਹਾ ਕਿ ਸ੍ਰੀ ਹੇਮਕੁੰਟ ਸਾਹਿਬ ਦੀ ਯਾਤਰਾ ਦੌਰਾਨ ਸਿੱਖ ਸ਼ਰਧਾਲੂਆਂ ਦੀ ਸੁਰੱਖਿਆ, ਮਾਣ-ਸਨਮਾਨ ਅਤੇ ਧਾਰਮਿਕ ਆਜ਼ਾਦੀ ਨੂੰ ਹਰ ਹਾਲ ਵਿੱਚ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ। ਸੋਸ਼ਲ ਮੀਡੀਆ 'ਤੇ ਸਾਹਮਣੇ ਆ ਰਹੀਆਂ ਵੀਡੀਓਜ਼ ਤੋਂ ਇਹ ਪ੍ਰਤੀਤ ਹੁੰਦਾ ਹੈ ਕਿ ਨਿਹੰਗ ਸਿੰਘ ਵੀਰਾਂ ਨੇ ਗੱਲਬਾਤ ਰਾਹੀਂ ਮਾਮਲਾ ਸੁਲਝਾਉਣ ਦੇ ਕਈ ਯਤਨ ਕੀਤੇ ਸਨ, ਪਰ ਕੁਝ ਸ਼ਰਾਰਤੀ ਅਨਸਰਾਂ ਵੱਲੋਂ ਮਾਹੌਲ ਨੂੰ ਭੜਕਾਉਣ ਕਾਰਨ ਸਥਿਤੀ ਵਿਗੜੀ। ਇਸ ਲਈ ਮਾਮਲੇ ਦੀ ਨਿਰਪੱਖ ਜਾਂਚ ਕਰਕੇ ਸੱਚਾਈ ਸਾਹਮਣੇ ਲਿਆਉਣੀ ਅਤੇ ਬੇਕਸੂਰਾਂ ਨੂੰ ਇਨਸਾਫ਼ ਦਿਵਾਉਣਾ ਸਮੇਂ ਦੀ ਮੁੱਖ ਲੋੜ ਹੈ। ਸ਼੍ਰੋਮਣੀ ਰਾਗੀ ਸਭਾ ਨੇ ਇਹ ਵੀ ਕਿਹਾ ਕਿ ਗ੍ਰਿਫ਼ਤਾਰ ਨਿਹੰਗ ਸਿੰਘ ਵੀਰਾਂ ਨੂੰ ਅਦਾਲਤ ਵਿੱਚ ਨੰਗੇ ਸਿਰ ਪੇਸ਼ ਕੀਤਾ ਜਾਣਾ ਸਿੱਖ ਧਾਰਮਿਕ ਮਰਿਆਦਾ, ਮਨੁੱਖੀ ਸਨਮਾਨ ਅਤੇ ਸੰਵਿਧਾਨਕ ਅਧਿਕਾਰਾਂ ਦੀ ਘੋਰ ਉਲੰਘਣਾ ਹੈ। ਸਭਾ ਨੇ ਇਸ ਘਟਨਾ ਨੂੰ ਬਹੁਤ ਹੀ ਦੁਖਦਾਈ ਅਤੇ ਬੇਹੱਦ ਗੰਭੀਰ ਮੰਨਦਿਆਂ ਮੰਗ ਕੀਤੀ ਕਿ ਇਸ ਲਈ ਜ਼ਿੰਮੇਵਾਰ ਅਧਿਕਾਰੀਆਂ ਅਤੇ ਕਰਮਚਾਰੀਆਂ ਦੀ ਭੂਮਿਕਾ ਦੀ ਨਿਰਪੱਖ ਜਾਂਚ ਕਰਵਾਈ ਜਾਵੇ ਅਤੇ ਦੋਸ਼ੀਆਂ ਨੂੰ ਕਾਨੂੰਨੀ ਘੇਰੇ ਵਿੱਚ ਲਿਆ ਕੇ ਸਖ਼ਤ ਕਾਰਵਾਈ ਕੀਤੀ ਜਾਵੇ। ਅੰਤ ਵਿੱਚ ਉਨ੍ਹਾਂ ਕਿਹਾ ਕਿ ਸਮੇਂ ਦੀ ਨਜ਼ਾਕਤ ਨੂੰ ਦੇਖਦਿਆਂ ਸਮੂਹ ਸਿੱਖ ਜਥੇਬੰਦੀਆਂ, ਗੁਰਦੁਆਰਾ ਪ੍ਰਬੰਧਕ ਕਮੇਟੀਆਂ, ਫੈਡਰੇਸ਼ਨਾਂ, ਦਲ ਪੰਥ ਅਤੇ ਪੰਥ ਦਰਦੀਆਂ ਨੂੰ ਇਸ ਮਾਮਲੇ ਵਿੱਚ ਅੱਗੇ ਆਉਣ ਦੀ ਲੋੜ ਹੈ ਤਾਂ ਜੋ ਬੇਕਸੂਰ ਨਿਹੰਗ ਸਿੰਘ ਵੀਰਾਂ ਨੂੰ ਇਨਸਾਫ਼ ਮਿਲ ਸਕੇ ਅਤੇ ਭਵਿੱਖ ਵਿੱਚ ਕਿਸੇ ਵੀ ਸਿੱਖ ਯਾਤਰੀ ਨਾਲ ਇਸ ਤਰ੍ਹਾਂ ਦੀ ਧੱਕੇਸ਼ਾਹੀ ਕਰਨ ਦੀ ਕਿਸੇ ਨੂੰ ਹਿੰਮਤ ਨਾ ਪਵੇ। ਉਨ੍ਹਾਂ ਕਿਹਾ ਕਿ ਜੇ ਅੱਜ ਇਸ ਅਨਿਆਂ ਦੇ ਵਿਰੁੱਧ ਸਾਂਝੀ ਆਵਾਜ਼ ਬੁਲੰਦ ਨਾ ਕੀਤੀ ਗਈ ਤਾਂ ਇਹ ਚੁੱਪੀ ਕੱਲ੍ਹ ਹੋਰ ਵੱਡੇ ਅਨਿਆਂ ਨੂੰ ਜਨਮ ਦੇ ਸਕਦੀ ਹੈ, ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਟੱਕਰ ਪਰਿਵਾਰ ਵਲੋ ਠੰਡੇ ਮਿੱਠੇ ਜਲ ਦੀ ਲਗਾਈ ਛਬੀਲ



**ਚੌਕ ਮਹਿਤਾ 20 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸ਼ਹੀਦਾ ਦੇ ਸਰਤਾਜ ਪੰਜਵੇਂ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਮਹਾਰਾਜ ਦੇ ਸ਼ਹੀਦੀ ਦਿਵਸ ਨੂੰ ਸਮਰਪਿਤ ਚਾਟੀਵਿੰਡ ਚੌਕ ਅੰਦਰੂਨ ਟੱਕਰ ਪਰਿਵਾਰ ਵਲੋ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ ਇਸ ਮੌਕੇ ਗੁਲਸ਼ਨ ਕੁਮਾਰ,ਮੋਨੂੰ ਟੱਕਰ, ਹਨੀਂ ਟੱਕਰ ਅਤੇ ਹੋਰ ਹਾਜਰ ਸਨ।

# 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਦਾ ਆਗਾਜ਼; ਪਿੰਡ ਚੰਨਣਕੇ ਵਿਖੇ ਲਗਾਇਆ ਵਿਸ਼ੇਸ਼ ਰਜਿਸਟ੍ਰੇਸ਼ਨ ਕੈਂਪ




**ਚੌਕ ਮਹਿਤਾ, 20 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਅਗਵਾਈ ਹੇਠ ਪਿੰਡ ਚੰਨਣਕੇ ਦੇ ਅਗਾਂਹਵਧੂ ਨੌਜਵਾਨ ਸਰਪੰਚ ਕੁਲਵਿੰਦਰ ਸਿੰਘ ਮਿੱਠਾ ਨੇ ਪੰਜਾਬ ਸਰਕਾਰ ਵੱਲੋਂ ਔਰਤਾਂ ਦੀ ਭਲਾਈ ਅਤੇ ਉਨ੍ਹਾਂ ਨੂੰ ਆਰਥਿਕ ਤੌਰ 'ਤੇ ਆਤਮ-ਨਿਰਭਰ ਬਣਾਉਣ ਦੇ ਉਦੇਸ਼ ਨਾਲ ਸ਼ੁਰੂ ਕੀਤੀ ਗਈ 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਦੀ ਅਗਵਾਈ ਹੇਠ, 'ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸਰਪੰਚ ਕੁਲਵਿੰਦਰ ਸਿੰਘ ਮਿੱਠਾ ਵੱਲੋਂ ਪਿੰਡ ਚੰਨਣਕੇ ਵਿਖੇ ਇੱਕ ਵਿਸ਼ੇਸ਼ ਕੈਂਪ ਲਗਾ ਕੇ ਇਸ ਯੋਜਨਾ ਦਾ ਆਗਾਜ਼ ਕੀਤਾ ਗਿਆ। ਇਸ ਕੈਂਪ ਦੌਰਾਨ ਵੱਡੀ ਗਿਣਤੀ ਵਿੱਚ ਪਹੁੰਚੀਆਂ ਮਾਵਾਂ ਅਤੇ ਭੈਣਾਂ ਦੇ ਯੋਜਨਾ ਦੇ ਲਾਭ ਲਈ ,1000 ਰੁਪਏ ਅਤੇ 1500 ਸੋ ਰੁਪਏ ਦੇ ਫਾਰਮ ਭਰੇ ਗਏ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਸਰਪੰਚ ਮਿੱਠਾ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ ਅਨੁਸਾਰ ਹਲਕੇ ਦੇ ਹਰ ਪਿੰਡ ਅਤੇ ਕਸਬੇ ਵਿੱਚ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ। ਇਨ੍ਹਾਂ ਕੈਂਪਾਂ ਦਾ ਮਕਸਦ ਇਹ ਯਕੀਨੀ ਬਣਾਉਣਾ ਹੈ ਕਿ ਕੋਈ ਵੀ ਲੋੜਵੰਦ ਅਤੇ ਹੱਕਦਾਰ ਮਹਿਲਾ ਇਸ ਭਲਾਈ ਸਕੀਮ ਦੇ ਲਾਭ ਤੋਂ ਵਾਂਝੀ ਨਾ ਰਹੇ। ਸਰਪੰਚ ਮਿੱਠਾ ਨੇ ਹਲਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ-ਆਪਣੇ ਇਲਾਕਿਆਂ ਵਿੱਚ ਲੱਗਣ ਵਾਲੇ ਕੈਂਪਾਂ ਦਾ ਵੱਧ ਤੋਂ ਵੱਧ ਲਾਹਾ ਲੈਣ ਅਤੇ ਯੋਗਤਾ ਅਨੁਸਾਰ ਆਪਣੇ ਫਾਰਮ ਜ਼ਰੂਰ ਭਰਵਾਉਣ। ਇਸ ਮੌਕੇ ਰਜਿਸਟ੍ਰੇਸ਼ਨ ਕੈਂਪ ਦੌਰਾਨ ਸਰਪੰਚ ਕੁਲਵਿੰਦਰ ਸਿੰਘ ਮਿੱਠਾ, ਮੈਂਬਰ ਸਰਬਜੀਤ ਸਿੰਘ ਸੱਦਾ, ਸਮਾਜ ਸੇਵੀ ਬਾਬਾ ਸੁਖਵੰਤ ਸਿੰਘ ਚੰਨਣਕੇ ਆਂਗਨਵਾੜੀ ਵਰਕਰ ਮੈਡਮ ਗੁਰਪਿੰਦਰ ਕੌਰ, ਆਂਗਨਵਾੜੀ ਵਰਕਰ ਮੈਡਮ ਗੁਰਮੀਤ ਕੌਰ,ਸਖੀ ਅਨਮੋਲ ਪ੍ਰੀਤ ਕੌਰ, ਸਖੀ ਪ੍ਰਿਆ ਰਾਣੀ,ਸਖੀ ਰਾਜਬੀਰ ਕੌਰ, ਸਖੀ ਅਮਨਦੀਪ ਕੌਰ, ਆਦਿ ਹਾਜ਼ਰ ਸਨ।

# ਤ਼ਖ਼ਤ ਸ੍ਰੀ ਪਟਨਾ ਸਾਹਿਬ ਰੇਲਵੇ ਕਾਊਂਟਰ 'ਤੇ ਸਿੱਖ ਸ਼ਰਧਾਲੂ ਨਾਲ ਦੁਰਵਿਵਹਾਰ ਕਰਨ ਵਾਲਿਆਂ ਖ਼ਿਲਾਫ਼ ਹੋਵੇਗੀ ਕਾਰਵਾਈ: ਲਖਵਿੰਦਰ ਸਿੰਘ



**ਨਵੀਂ ਦਿੱਲੀ, 20 ਜੂਨ (ਮਨਪ੍ਰੀਤ ਸਿੰਘ ਖਾਲਸਾ)**:- ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵਿਖੇ ਚੱਲ ਰਹੇ ਰੇਲਵੇ ਟਿਕਟ ਕਾਊਂਟਰ 'ਤੇ ਤਤਕਾਲ ਟਿਕਟ ਬੁਕਿੰਗ ਦੌਰਾਨ ਕੁਝ ਦਲਾਲਾਂ ਵੱਲੋਂ ਹੰਗਾਮਾ ਕਰਦੇ ਹੋਏ ਇੱਕ ਸਿੱਖ ਸ਼ਰਧਾਲੂ ਦੀ ਪੱਗ 'ਤੇ ਹੱਥ ਪਾਉਣ ਦੀ ਘਟਨਾ ਸਾਹਮਣੇ ਆਈ ਹੈ। ਇਸ ਮਾਮਲੇ ਸਬੰਧੀ ਪ੍ਰਬੰਧਕ ਕਮੇਟੀ ਵੱਲੋਂ ਰੇਲਵੇ ਪ੍ਰਸ਼ਾਸਨ ਨੂੰ ਪੱਤਰ ਲਿਖ ਕੇ ਕਾਰਵਾਈ ਦੀ ਮੰਗ ਕੀਤੀ ਗਈ ਸੀ। ਪ੍ਰਬੰਧਕ ਕਮੇਟੀ ਦੇ ਸੀਨੀਅਰ ਉਪ ਪ੍ਰਧਾਨ ਅਤੇ ਬਿਹਾਰ ਅਲਪਸੰਖਿਆਕ ਕਮਿਸ਼ਨ ਦੇ ਵਾਈਸ ਚੇਅਰਮੈਨ ਲਖਵਿੰਦਰ ਸਿੰਘ ਲੱਖਾ ਅਤੇ ਮਹਾਂਸਚਿਵ ਇੰਦਰਜੀਤ ਸਿੰਘ ਨੇ ਰੇਲਵੇ ਕਾਊਂਟਰ ਦਾ ਦੌਰਾ ਕਰਕੇ ਅਧਿਕਾਰੀਆਂ ਤੋਂ ਪੂਰੀ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਸੀਸੀਟੀਵੀ ਫੁਟੇਜ ਦੇ ਆਧਾਰ 'ਤੇ ਦੋਸ਼ੀਆਂ ਦੀ ਪਛਾਣ ਕਰਕੇ ਉਨ੍ਹਾਂ ਖ਼ਿਲਾਫ਼ ਐਫਆਈਆਰ ਦਰਜ ਕਰਨ ਅਤੇ ਸਖ਼ਤ ਕਾਰਵਾਈ ਦੀ ਮੰਗ ਕੀਤੀ। ਇਸ ਦੇ ਨਾਲ ਹੀ ਟਿਕਟ ਕਾਊਂਟਰ ਦੇ ਨੇੜੇ ਪੁਲਿਸ ਕਰਮਚਾਰੀ ਤਾਇਨਾਤ ਕਰਨ ਦੀ ਮੰਗ ਵੀ ਕੀਤੀ ਗਈ ਹੈ, ਤਾਂ ਜੋ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨੂੰ ਰੋਕਿਆ ਜਾ ਸਕੇ। ਪ੍ਰਧਾਨ ਜਗਜੋਤ ਸਿੰਘ ਸੋਹੀ ਨੇ ਕਿਹਾ ਕਿ ਰੇਲਵੇ ਅਧਿਕਾਰੀਆਂ ਨੂੰ ਸੁਝਾਅ ਦਿੱਤਾ ਗਿਆ ਹੈ ਕਿ ਟਿਕਟ ਕਾਊਂਟਰ ਨੂੰ ਇਸ ਤਰ੍ਹਾਂ ਚਲਾਇਆ ਜਾਵੇ ਕਿ ਇਸ ਦਾ ਲਾਭ ਕੇਵਲ ਗੁਰਦੁਆਰਾ ਸਾਹਿਬ ਆਉਣ ਵਾਲੇ ਸ਼ਰਧਾਲੂਆਂ ਨੂੰ ਹੀ ਮਿਲ ਸਕੇ।

### ਮੱਖੂ ਗੇਟ ਸਥਿਤ ਗੁਰਦੁਆਰਾ ਸੁਖਮਨੀ ਸਾਹਿਬ ਦੀ ਸੰਸਥਾ ਵਿੱਚ ਵੱਡੀ ਚੋਰੀ

# ਪੁਲਿਸ ਦੀ ਨਾਕਾਮੀ ਖਿਲਾਫ਼ ਸੰਗਤ ਅਤੇ ਪ੍ਰਬੰਧਕਾਂ ਵਿੱਚ ਭਾਰੀ ਰੋਸ



ਫ਼ਿਰੋਜ਼ਪੁਰ, 20 ਜੂਨ (ਮਨੋਹਰ ਲਾਲ) :— ਇਲਾਕੇ ਵਿੱਚ ਦਿਨ—ਬ—ਦਿਨ ਬੇਖੌਫ਼ ਹੋ ਰਹੇ ਅਪਰਾਧੀਆਂ ਅਤੇ ਚੋਰਾਂ ਦੇ ਹੌਸਲੇ ਇਸ ਕਦਰ ਬੁਲੰਦ ਹੋ ਚੁੱਕੇ ਹਨ ਕਿ ਹੁਣ ਧਾਰਮਿਕ ਅਸਥਾਨ ਅਤੇ ਲੋਕ ਭਲਾਈ ਦੀਆਂ ਸੰਸਥਾਵਾਂ ਵੀ ਸੁਰੱਖਿਅਤ ਨਹੀਂ ਰਹੀਆਂ। ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਸੁਖਮਨੀ ਸਾਹਿਬ ਦੇ ਆਗੂਆਂ ਨੇ ਦੱਸਿਆ ਕਿ ਅਜਿਹਾ ਹੀ ਇੱਕ ਬੇਹੱਦ ਮੰਦਭਾਗਾ ਮਾਮਲਾ ਮੱਖੂ ਗੇਟ ਸਥਿਤ ਗੁਰਦੁਆਰਾ ਸੁਖਮਨੀ ਸਾਹਿਬ ਦੀ ਸੰਸਥਾ ਤੋਂ ਸਾਹਮਣੇ ਆਇਆ ਹੈ, ਜਿੱਥੇ ਅਗਿਆਤ ਚੋਰਾਂ ਵੱਲੋਂ ਸੰਸਥਾ ਨੂੰ ਨਿਸ਼ਾਨਾ ਬਣਾਉਂਦੇ ਹੋਏ ਲੱਖਾਂ ਰੁਪਏ ਦੀ ਕੀਮਤ ਦਾ ਸਮਾਨ ਚੋਰੀ ਕਰ ਲਿਆ ਗਿਆ। ਇਸ ਘਟਨਾ ਨੂੰ ਲੈ ਕੇ ਇਲਾਕੇ ਦੀ ਸੰਗਤ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਵਿੱਚ ਪ੍ਰਸ਼ਾਸਨ ਦੇ ਖਿਲਾਫ਼ ਗਹਿਰਾ ਰੋਸ ਪਾਇਆ ਜਾ ਰਿਹਾ ਹੈ।

**ਚੋਰਾਂ ਵੱਲੋਂ 13 ਸਲਾਈ ਮਸ਼ੀਨਾਂ, ਪੱਖੇ, ਮੋਟਰ ਅਤੇ ਲੋਹੇ ਦੀਆਂ ਬਾਰੀਆਂ ਸਮੇਤ ਲੱਖਾਂ ਦਾ ਸਮਾਨ ਸਾਫ਼—ਘਟਨਾ ਦੇ ਕਈ ਦਿਨ ਬੀਤਣ ਦੇ ਬਾਵਜੂਦ ਪੁਲਿਸ ਹੱਥ ਖਾਲੀ**

ਮਿਲੀ ਜਾਣਕਾਰੀ ਅਨੁਸਾਰ ਚੋਰਾਂ ਨੇ ਇਸ ਵਾਰਦਾਤ ਨੂੰ ਬਹੁਤ ਹੀ ਬੇਖੌਫ਼ ਤਰੀਕੇ ਨਾਲ ਅੰਜਾਮ ਦਿੱਤਾ। ਗੁਰਦੁਆਰਾ ਸਾਹਿਬ ਦੀ ਇਸ ਲੋਕ ਭਲਾਈ ਸੰਸਥਾ ਵਿੱਚੋਂ ਚੋਰਾਂ ਨੇ ਲੋੜਵੰਦਾਂ ਅਤੇ ਸਿਖਿਆਰਥੀਆਂ ਲਈ ਰੱਖੀਆਂ 13 ਸਲਾਈ ਮਸ਼ੀਨਾਂ ਤੇ ਹੱਥ ਸਾਫ਼ ਕਰ ਦਿੱਤਾ, ਇਸ ਤੋਂ ਇਲਾਵਾ ਚੋਰਾਂ ਨੇ ਸੰਸਥਾ ਦੇ ਤਿੰਨ ਵੱਖ—ਵੱਖ ਕਮਰਿਆਂ ਵਿੱਚ ਲੱਗੇ ਪੱਖੇ, ਪਾਣੀ ਵਾਲੀ ਮੋਟਰ ਅਤੇ ਕਈ ਹੋਰ ਕੀਮਤੀ ਸਮਾਨ ਵੀ ਚੋਰੀ ਕਰ ਲਿਆ। ਹੱਦ ਤਾਂ ਉਦੋਂ ਹੋ ਗਈ ਜਦੋਂ ਚੋਰ ਦੀਵਾਰਾਂ ਵਿੱਚ ਲੱਗੀਆਂ ਲੋਹੇ ਦੀਆਂ ਬਾਰੀਆਂ ਤੱਕ ਪੁੱਟ ਕੇ ਆਪਣੇ ਨਾਲ ਲੈ ਗਏ। ਇਸ ਤੋਂ ਸਾਫ਼ ਜ਼ਾਹਰ ਹੁੰਦਾ ਹੈ ਕਿ ਚੋਰਾਂ ਨੂੰ ਕਾਨੂੰਨ ਜਾਂ ਪੁਲਿਸ ਦਾ ਕੋਈ ਡਰ ਭੈਅ ਨਹੀਂ ਸੀ ਅਤੇ ਉਨ੍ਹਾਂ ਨੇ ਆਰਾਮ ਨਾਲ ਇਸ ਪੂਰੀ ਵਾਰਦਾਤ ਨੂੰ ਅੰਜਾਮ ਦਿੱਤਾ।

ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਨੇ ਭਰੇ ਮਨ ਨਾਲ ਪੱਤਰਕਾਰਾਂ ਨੂੰ ਦੱਸਿਆ ਕਿ ਇਸ ਮੰਦਭਾਗੀ ਘਟਨਾ ਸਬੰਧੀ ਤੁਰੰਤ ਕਾਰਵਾਈ ਕਰਦਿਆਂ 27 ਮਈ 2026 ਨੂੰ ਸਿਟੀ ਥਾਣੇ ਦੇ ਮੁਨਸ਼ੀ ਕੋਲ ਰਪਟ ਦਰਜ ਕਰਵਾਈ ਗਈ ਸੀ, ਪਰ ਅਜੇ ਤੱਕ ਪੁਲਿਸ ਚੋਰਾਂ ਨੂੰ ਕਾਬੂ ਕਰਨ ਤੋਂ ਅਸਮਰਥ ਹੈ। ਉਨ੍ਹਾਂ ਪੁਲਿਸ ਅਤੇ ਸਥਾਨਕ ਪ੍ਰਸ਼ਾਸਨ ਤੇ ਤਿੱਖੇ ਸਵਾਲ ਚੁੱਕਦਿਆਂ ਕਿਹਾ ਕਿ ਅੱਜ ਦੇ ਦੌਰ ਵਿਚ ਜੇਕਰ ਇਕ ਪਵਿੱਤਰ ਧਾਰਮਿਕ ਅਸਥਾਨ ਅਤੇ ਲੋਕ ਭਲਾਈ ਦੀ ਸੰਸਥਾ ਨਾਲ ਹੋਈ ਬੇਇਨਸਾਫੀ ਦੀ ਪੁਲਿਸ ਵੱਲੋਂ ਸੁਣਵਾਈ ਨਹੀਂ ਕੀਤੀ ਜਾ ਰਹੀ ਤਾਂ ਫਿਰ ਆਮ ਜਨਤਾ ਦਾ ਕੀ ਹਾਲ ਹੋਵੇਗਾ। ਉਨ੍ਹਾਂ ਕਿਹਾ ਕਿ ਆਮ ਨਾਗਰਿਕ ਆਪਣੇ—ਆਪ ਨੂੰ ਕਿਵੇਂ ਸੁਰੱਖਿਅਤ ਮਹਿਸੂਸ ਕਰ ਸਕਦਾ ਹੈ, ਜਦੋਂ ਪ੍ਰਸ਼ਾਸਨ ਖੁਦ ਗਹਿਰੀ ਨੀਂਦ ਸੋ ਰਿਹਾ ਹੈ। ਉਨ੍ਹਾਂ ਪੁਲਿਸ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਤੁਰੰਤ ਚੋਰਾਂ ਦਾ ਪਤਾ ਲਗਾ ਕੇ ਚੋਰੀ ਹੋਇਆ ਸਮਾਨ ਬਰਾਮਦ ਕਰਵਾਇਆ ਜਾਵੇ। ਉਨ੍ਹਾਂ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਜਲਦੀ ਹੀ ਚੋਰਾਂ ਨੂੰ ਗ੍ਰਿਫਤਾਰ ਨਾ ਕੀਤਾ ਗਿਆ ਤਾਂ ਉਹ ਤਿੱਖਾ ਸੰਘਰਸ਼ ਵਿੱਢਣ ਲਈ ਮਜ਼ਬੂਰ ਹੋਣਗੇ, ਜਿਸ ਦੀ ਸਾਰੀ ਜ਼ਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ। ਇਸ ਮੌਕੇ ਬਲਦੇਵ ਸਿੰਘ ਪ੍ਰਧਾਨ, ਪ੍ਰੀਤਮ ਸਿੰਘ ਗੁਰਬਖਸ਼ ਸਿੰਘ, ਕੁਲਦੀਪ ਸਿੰਘ ਨੰਢਾ, ਪ੍ਰੀਤਮ ਸਿੰਘ ਬੋਹੜੀਆ, ਮੁਖਤਿਆਰ ਸਿੰਘ, ਜਤਿੰਦਰ ਸਿੰਘ, ਇੰਦਰ ਸਿੰਘ ਗੋਗੀਆ ਹਾਜ਼ਰ ਸਨ।

### ਅਮਨਦੀਪ ਹਸਪਤਾਲ ਤੇ ਉਜਾਲਾ ਸਿਗਨਸ ਦੇ ਸਹਿਯੋਗ ਨਾਲ

# 22 ਜੂਨ ਨੂੰ ਲੱਗੇਗਾ ਮੁਫ਼ਤ ਸਪਾਇਰੋਮੈਟਰੀ ਕੈਂਪ



ਫ਼ਿਰੋਜ਼ਪੁਰ, 20 ਜੂਨ (ਮਨੋਹਰ ਲਾਲ) :— ਲੋਕਾਂ ਨੂੰ ਸਾਹ ਸੰਬੰਧੀ ਬਿਮਾਰੀਆਂ ਪ੍ਰਤੀ ਜਾਗਰੂਕ ਕਰਨ ਅਤੇ ਫੇਫੜਿਆਂ ਦੀਆਂ ਬਿਮਾਰੀਆਂ ਦਾ ਸਮੇਂ ਸਿਰ ਪਤਾ ਲਗਾਉਣ ਦੇ ਉਦੇਸ਼ ਨਾਲ ਅਮਨਦੀਪ ਹਸਪਤਾਲ ਫਿਰੋਜ਼ਪੁਰ ਵੱਲੋਂ ਉਜਾਲਾ ਸਿਗਨਸ ਹਸਪਤਾਲਾਂ ਦੀ ਭਾਈਵਾਲੀ ਅਤੇ ਸ਼ਿਵ ਸ਼ੰਕਰ ਰਾਮ ਲੀਲਾ ਕਮੇਟੀ ਦੇ ਸਹਿਯੋਗ ਨਾਲ 22 ਜੂਨ 2026 ਨੂੰ ਮੁਫ਼ਤ ਸਪਾਇਰੋਮੈਟਰੀ ਕੈਂਪ ਲਗਾਇਆ ਜਾ ਰਿਹਾ ਹੈ। ਇਹ ਕੈਂਪ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਚੱਲੇਗਾ ਅਤੇ ਕੈਂਪ ਦੌਰਾਨ ਸਪਾਇਰੋਮੈਟਰੀ ਰਾਹੀਂ ਫੇਫੜਿਆਂ ਦੀ ਮੁਫ਼ਤ ਜਾਂਚ ਕੀਤੀ ਜਾਵੇਗੀ। ਇਹ ਇੱਕ ਸੌਖਾ ਅਤੇ ਬਿਨਾਂ ਦਰਦ ਵਾਲਾ ਟੈਸਟ ਹੈ, ਜਿਸ ਦੀ ਮਦਦ ਨਾਲ ਅਸਥਮਾ (ਦਮਾ), ਸੀਓਪੀਡੀ ਅਤੇ ਫੇਫੜਿਆਂ ਦੀਆਂ ਹੋਰ ਗੰਭੀਰ ਬਿਮਾਰੀਆਂ ਦਾ ਸ਼ੁਰੂਆਤੀ ਪੜਾਅ ਵਿੱਚ ਹੀ ਪਤਾ ਲਗਾਇਆ ਜਾ ਸਕਦਾ ਹੈ। ਮਾਹਿਰਾਂ ਅਨੁਸਾਰ ਸਮੇਂ ਸਿਰ ਜਾਂਚ ਅਤੇ ਸਹੀ ਨਿਦਾਨ ਨਾਲ ਇਨ੍ਹਾਂ ਬਿਮਾਰੀਆਂ ਦਾ ਪ੍ਰਭਾਵਸ਼ਾਲੀ ਇਲਾਜ ਸੰਭਵ ਹੈ। ਪ੍ਰਬੰਧਕਾਂ ਨੇ ਦੱਸਿਆ ਕਿ ਕੈਂਪ ਵਿੱਚ ਸੀਨੀਅਰ ਪਲਮੋਨੋਲੋਜਿਸਟ ਅਤੇ ਕ੍ਰਿਟੀਕਲ ਕੇਅਰ ਮਾਹਿਰ ਡਾ: ਚੇਤਨ ਕੁਮਾਰ ਐਨ.ਜੀ., ਸੀਨੀਅਰ ਕਨਸਲਟੈਂਟ ਇੰਟਰਨਲ ਮੈਡੀਸਨ ਡਾ: ਚਰਨਜੀਤ ਸਿੰਘ ਅਤੇ ਕਨਸਲਟੈਂਟ ਇੰਟਰਨਲ ਮੈਡੀਸਨ ਡਾ: ਪ੍ਰਦੀਪ ਕੁਮਾਰ ਮਿੱਤਲ ਮਰੀਜ਼ਾਂ ਦੀ ਜਾਂਚ ਕਰਕੇ ਲੋੜੀਂਦੀ ਸਲਾਹ ਪ੍ਰਦਾਨ ਕਰਨਗੇ। ਕੈਂਪ ਦਾ ਉਦਘਾਟਨ ਅਮਨਦੀਪ ਹਸਪਤਾਲ ਦੇ ਫੈਸਿਲਿਟੀ ਡਾਇਰੈਕਟਰ ਡਾ: ਅਭਿਸ਼ੇਕ ਅਰੋੜਾ ਅਤੇ ਸ਼ਿਵ ਸ਼ੰਕਰ ਰਾਮ ਲੀਲਾ ਕਮੇਟੀ ਦੇ ਪ੍ਰਧਾਨ ਰਿੰਕੂ ਸ਼ਰਮਾ ਵੱਲੋਂ ਸਾਂਝੇ ਤੌਰ ਤੇ ਕੀਤਾ ਜਾਵੇਗਾ। ਇਸ ਮੌਕੇ ਅਮਨਦੀਪ ਹਸਪਤਾਲ (ਉਜਾਲਾ ਸਿਗਨਸ ਭਾਈਵਾਲੀ) ਦੀ ਡਾਇਰੈਕਟਰ ਡਾ: ਅਮਨਦੀਪ ਕੌਰ ਨੇ ਕਿਹਾ ਕਿ ਵੱਧ ਰਹੇ ਪ੍ਰਦੂਸ਼ਣ ਅਤੇ ਬਦਲ ਰਹੀ ਜੀਵਨ ਸ਼ੈਲੀ ਕਾਰਨ ਸਾਹ ਨਾਲ ਸੰਬੰਧਿਤ ਬਿਮਾਰੀਆਂ ਵਿੱਚ ਤੇਜ਼ੀ ਨਾਲ ਵਾਧਾ ਹੋ ਰਿਹਾ ਹੈ। ਖ਼ਾਸ ਕਰਕੇ ਪੇਂਡੂ ਅਤੇ ਅਰਧ ਸ਼ਹਿਰੀ ਖੇਤਰਾਂ ਵਿੱਚ ਜਾਗਰੂਕਤਾ ਦੀ ਕਮੀ ਕਾਰਨ ਇਨ੍ਹਾਂ ਬਿਮਾਰੀਆਂ ਦਾ ਸਮੇਂ ਸਿਰ ਪਤਾ ਨਹੀਂ ਲੱਗਦਾ। ਉਨ੍ਹਾਂ ਕਿਹਾ ਕਿ ਇਸ ਮੁਫ਼ਤ ਕੈਂਪ ਦਾ ਉਦੇਸ਼ ਆਧੁਨਿਕ ਸਿਹਤ ਸਹੂਲਤਾਂ ਨੂੰ ਲੋਕਾਂ ਤੱਕ ਪਹੁੰਚਾਉਣਾ ਅਤੇ ਬਿਮਾਰੀਆਂ ਦੀ ਰੋਕਥਾਮ ਪ੍ਰਤੀ ਜਾਗਰੂਕਤਾ ਵਧਾਉਣਾ ਹੈ। ਉਨ੍ਹਾਂ ਦੱਸਿਆ ਕਿ ਇਹ ਜਾਂਚ ਖ਼ਾਸ ਤੌਰ ਤੇ ਉਨ੍ਹਾਂ ਲੋਕਾਂ ਲਈ ਲਾਭਦਾਇਕ ਹੈ ਜੋ ਲਗਾਤਾਰ ਖੰਘ, ਸਾਹ ਚੜ੍ਹਨ ਜਾਂ ਸਾਹ ਲੈਣ ਵਿੱਚ ਤਕਲੀਫ਼ ਦੀ ਸਮੱਸਿਆ ਨਾਲ ਪੀੜਤ ਹਨ, ਧੂਮਰਪਾਨ ਕਰਦੇ ਹਨ ਜਾਂ ਪਹਿਲਾਂ ਕਰ ਚੁੱਕੇ ਹਨ ਅਤੇ ਧੂੜ, ਪ੍ਰਦੂਸ਼ਣ ਜਾਂ ਰਸਾਇਣਾਂ ਵਾਲੇ ਮਾਹੌਲ ਵਿੱਚ ਕੰਮ ਕਰਦੇ ਹਨ। ਹਸਪਤਾਲ ਪ੍ਰਬੰਧਕਾਂ ਨੇ ਖੇਤਰ ਦੇ ਲੋਕਾਂ ਨੂੰ ਇਸ ਮੁਫ਼ਤ ਸਿਹਤ ਕੈਂਪ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ ਹੈ।

### ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ ਦਾ

# ਜ਼ਿਲ੍ਹਾ ਪ੍ਰਧਾਨ ਬਨਣ ਤੇ ਕੁਲਦੀਪ ਸਿੰਘ ਨੰਢਾ ਦਾ ਕੀਤਾ ਸਨਮਾਨ



ਫ਼ਿਰੋਜ਼ਪੁਰ, 20 ਜੂਨ (ਮਨੋਹਰ ਲਾਲ) :— ਧਾਰਮਿਕ ਕਾਰਜਾਂ ਵਿਚ ਕੰਮ ਕਰਨ ਦੇ ਨਾਲ—ਨਾਲ ਸਮਾਜ ਸੇਵੀ ਕਾਰਜਾਂ ਵਿਚ ਯੋਗਦਾਨ ਅਦਾ ਕਰਦੇ ਆ ਰਹੇ ਕੁਲਦੀਪ ਸਿੰਘ ਨੰਢਾ ਨੂੰ ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ ਵੱਲੋਂ ਜ਼ਿਲ੍ਹਾ ਪ੍ਰਧਾਨ ਨਿਯੁਕਤ ਕਰਨ ਤੇ ਚੁਫੇਰਿਓ ਵਧਾਈਆਂ ਦੇਣ ਵਾਲਿਆਂ ਦਾ ਲੱਗਾ ਤਾਂਤਾ। ਅੱਜ ਸ੍ਰੀ ਗੁਰੂ ਸਿੰਘ ਸਭਾ ਗੁਰਦੁਆਰਾ ਅਕਾਲਗੜ੍ਹ ਸਾਹਿਬ ਫ਼ਿਰੋਜ਼ਪੁਰ ਵਿਖੇ ਜੁੜੀ ਸੰਗਤ ਅਤੇ ਪ੍ਰਬੰਧਕਾਂ ਨੇ ਕੁਲਦੀਪ ਸਿੰਘ ਨੰਢਾ ਦਾ ਵਿਸ਼ੇਸ਼ ਸਨਮਾਨ ਕਰਦਿਆਂ ਭਵਿੱਖ ਵਿਚ ਵੀ ਅਜਿਹੇ ਸਮਾਜ ਭਲਾਈ ਦੇ ਕਾਰਜ ਕਰਨ ਦੀ ਪ੍ਰਾਰਣੀ ਦਿੱਤੀ। ਇਸ ਮੌਕੇ ਪ੍ਰਧਾਨ ਬਲਦੇਵ ਸਿੰਘ, ਸਵਰਨ ਸਿੰਘ ਸੁਹਾਨਾ, ਪ੍ਰੀਤਮ ਸਿੰਘ, ਜਸਵਿੰਦਰ ਸਿੰਘ ਸੁਪਰਡੈਂਟ, ਮੁਖਤਿਆਰ ਸਿੰਘ ਅਤੇ ਜਰਨੈਲ ਸਿੰਘ ਆਦਿ ਹਾਜ਼ਰ ਸਨ, ਜਿਨ੍ਹਾਂ ਨੇ ਕੁਲਦੀਪ ਸਿੰਘ ਨੰਢਾ ਨੂੰ ਵਧਾਈ ਦਿੱਤੀ।

# ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਆਯੋਜਿਤ ਗੁਰਮਤਿ ਕੈਂਪਾਂ ਦੀ ਹੋਈ ਸ਼ਾਨਦਾਰ ਸਮਾਪਤੀ




**ਨਵੀਂ ਦਿੱਲੀ, 20 ਜੂਨ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਕਮੇਟੀ ਦੇ ਧਰਮ ਪ੍ਰਚਾਰ ਵਿੰਗ ਦੇ ਚੇਅਰਮੈਨ ਸਰਦਾਰ ਜਸਪ੍ਰੀਤ ਸਿੰਘ ਕਰਮਸਰ ਅਤੇ ਉਨ੍ਹਾਂ ਦੀ ਟੀਮ ਦੀ ਮਿਹਨਤ ਸਦਕਾ ਇਸ ਵਾਰ ਗਰਮੀ ਦੀਆਂ ਛੁੱਟੀਆਂ ਦੌਰਾਨ ਦਿੱਲੀ ਦੇ 148 ਸਥਾਨਾਂ 'ਤੇ ਗੁਰਮਤਿ ਕੈਂਪ ਲਗਾਏ ਗਏ, ਜਿਨ੍ਹਾਂ ਵਿੱਚ 20 ਹਜ਼ਾਰ ਤੋਂ ਵੱਧ ਵਿਦਿਆਰਥੀਆਂ ਨੇ ਭਾਗ ਲਿਆ। ਗੁਰਦੁਆਰਾ ਰਕਾਬਗੰਜ ਸਾਹਿਬ ਕੰਪਲੈਕਸ ਦੇ ਭਾਈ ਲੱਖੀ ਸ਼ਾਹ ਵਣਜਾਰਾ ਹਾਲ ਵਿੱਚ ਗੁਰਮਤਿ ਕੈਂਪਾਂ ਦੇ ਸਮਾਪਤੀ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਸਰਦਾਰ ਕਾਲਕਾ ਅਤੇ ਸਰਦਾਰ ਕਾਹਲੋਂ ਨੇ ਕਿਹਾ ਕਿ ਜਸਪ੍ਰੀਤ ਸਿੰਘ ਕਰਮਸਰ ਦੀ ਅਗਵਾਈ ਹੇਠ ਕੀਤੇ ਜਾ ਰਹੇ ਉਪਰਾਲਿਆਂ ਕਾਰਨ ਹਰ ਸਾਲ ਕੈਂਪਾਂ ਨਾਲ ਜੁੜਨ ਵਾਲੇ ਵਿਦਿਆਰਥੀਆਂ ਦੀ ਗਿਣਤੀ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ। ਸਾਲ 2022 ਵਿੱਚ 4 ਹਜ਼ਾਰ, 2023 ਵਿੱਚ 9 ਹਜ਼ਾਰ, 2024 ਵਿੱਚ 12 ਹਜ਼ਾਰ, 2025 ਵਿੱਚ 16 ਹਜ਼ਾਰ ਅਤੇ 2026 ਵਿੱਚ 20 ਹਜ਼ਾਰ ਤੋਂ ਵੱਧ ਵਿਦਿਆਰਥੀਆਂ ਨੇ ਇਨ੍ਹਾਂ ਕੈਂਪਾਂ ਵਿੱਚ ਸ਼ਮੂਲੀਅਤ ਕੀਤੀ। ਉਨ੍ਹਾਂ ਦੱਸਿਆ ਕਿ ਕੈਂਪਾਂ ਵਿੱਚ ਵਿਸ਼ੇਸ਼ ਤੌਰ 'ਤੇ ਤਿਆਰ ਕੀਤੀਆਂ ਪੁਸਤਕਾਂ ਰਾਹੀਂ ਵਿਦਿਆਰਥੀਆਂ ਨੂੰ ਗੁਰੂ ਇਤਿਹਾਸ, ਸਿੱਖ ਕੌਮ ਦੇ ਯੋਧਿਆਂ ਦੇ ਸੰਘਰਸ਼ਾਂ ਅਤੇ ਸਿੱਖਾਂ ਦੇ ਮਾਰਸ਼ਲ ਇਤਿਹਾਸ ਬਾਰੇ ਜਾਣੂ ਕਰਵਾਇਆ ਗਿਆ। ਨਾਲ ਹੀ ਗੁਰੂ ਸਾਹਿਬਾਨ ਵੱਲੋਂ ਅਨਿਆਂ ਦੇ ਖ਼ਿਲਾਫ਼ ਡਟਣ ਦੀ ਦਿੱਤੀ ਸਿੱਖਿਆ ਨਾਲ ਵੀ ਬੱਚਿਆਂ ਨੂੰ ਜੋੜਿਆ ਗਿਆ। ਸਰਦਾਰ ਕਾਲਕਾ ਅਤੇ ਸਰਦਾਰ ਕਾਹਲੋਂ ਨੇ ਕਿਹਾ ਕਿ ਅੱਜ ਇਨ੍ਹਾਂ ਗੁਰਮਤਿ ਕੈਂਪਾਂ ਵਿੱਚ ਭਾਗ ਲੈ ਰਹੇ ਵਿਦਿਆਰਥੀ ਹੀ ਭਵਿੱਖ ਵਿੱਚ ਇਨ੍ਹਾਂ ਕੈਂਪਾਂ ਦੇ ਸੰਚਾਲਕ ਅਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧਕ ਬਣਨਗੇ। ਉਨ੍ਹਾਂ ਕਿਹਾ ਕਿ ਨਵੀਂ ਪੀੜ੍ਹੀ ਨੂੰ ਗੁਰਮਤਿ ਅਤੇ ਗੁਰਸਿੱਖੀ ਜੀਵਨ ਨਾਲ ਜੋੜਨਾ ਹੀ ਸਭ ਤੋਂ ਵੱਡੀ ਪ੍ਰਾਪਤੀ ਹੈ।

# ਸ੍ਰੀ ਅਕਾਲ ਤਖਤ ਸਾਹਿਬ ਤੋਂ ਜਾਰੀ ਹੋਈਆਂ ਚਿੱਠੀਆਂ, ਅਕਾਲੀ ਦਲ ਬਾਦਲ ਦਾ ਬੁਲਾਰਾ ਕਿਵੇਂ ਦਿਖਾ ਰਿਹੈ ? - ਸ. ਵਡਾਲਾ, ਸ. ਛੋਟੇਪੁਰ



**ਚੰਡੀਗੜ੍ਹ, 20 ਜੂਨ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਸਕੱਤਰ ਜਨਰਲ ਸ ਗੁਰਪ੍ਰਤਾਪ ਸਿੰਘ ਵਡਾਲਾ ਅਤੇ ਸੀਨੀਅਰ ਮੀਤ ਪ੍ਰਧਾਨ ਸ ਸੁੱਚਾ ਸਿੰਘ ਛੋਟੇਪੁਰ ਨੇ ਇਕ ਸਾਂਝੇ ਲਿਖਤੀ ਪ੍ਰੈੱਸ ਬਿਆਨ ਵਿੱਚ ਦੋਸ਼ ਲਾਇਆ ਹੈ ਕਿ ਅਕਾਲੀ ਦਲ ਬਾਦਲ ਦਾ ਬੁਲਾਰਾ ਅਰਸ਼ਦੀਪ ਸਿੰਘ ਕਲੇਰ ਇਕ ਪ੍ਰੈੱਸ ਕਾਨਫਰੰਸ ਦੌਰਾਨ ਉਹ ਚਿੱਠੀਆਂ ਵਿਖਾ ਰਿਹਾ ਹੈ ਜੋ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਜਾਂ ਉਹਨਾਂ ਦੇ ਸਕੱਤਰੇਤ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਲਿਖੀਆਂ ਗਈਆਂ ਹਨ। ਜਦੋਂ ਇਹ ਚਿੱਠੀਆਂ ਕਿਧਰੇ ਵੀ ਪਬਲਿਕ ਪਲੇਟਫਾਰਮ 'ਤੇ ਉਪਲੱਬਧ ਨਹੀਂ ਹਨ ਤਾਂ ਅਰਸ਼ਦੀਪ ਸਿੰਘ ਕਲੇਰ ਕਿਥੋਂ ਲੈ ਕੇ ਇਹ ਚਿੱਠੀਆਂ ਪ੍ਰੈੱਸ ਵਿੱਚ ਸਬੂਤ ਵਜੋਂ ਪੇਸ਼ ਕਰ ਰਿਹਾ ਹੈ ? ਇਹ ਇਕ ਬਹੁਤ ਹੀ ਸੰਗੀਨ ਮਾਮਲਾ ਹੈ, ਜਿਸਤੋਂ ਪਤਾ ਲਗਦਾ ਹੈ ਕਿ ਇਹਨਾਂ ਲੋਕਾਂ ਲਈ ਮਰਿਆਦਾ ਨਾਲੋਂ ਰਾਜਨੀਤੀ ਬਹੁਤ ਵੱਡੀ ਹੋ ਗਈ ਹੈ। ਦੋਹਾਂ ਆਗੂਆਂ ਨੇ ਕਿਹਾ ਕਿ ਜਦੋਂ ਕੋਈ ਬੰਦਾ ਸ੍ਰੀ ਅਕਾਲ ਤਖਤ ਸਾਹਿਬ ਸਕੱਤਰੇਤ ਵਿੱਚ ਤਲਬ ਕੀਤਾ ਜਾਂਦਾ ਹੈ ਤਾਂ ਇਹ ਜਥੇਦਾਰ ਸਾਹਿਬਾਨ ਅਤੇ ਉਸ ਬੰਦੇ ਵਿੱਚ ਬਿਲਕੁਲ ਨਿੱਜੀ ਮਾਮਲਾ ਹੁੰਦਾ ਹੈ।

ਜਦੋਂ ਤੱਕ ਉਹ ਮਸਲਾ ਫਸੀਲ 'ਤੇ ਨਹੀਂ ਪਹੁੰਚਦਾ, ਉਸਨੂੰ ਨਿੱਜੀ ਰੱਖਣ ਦੀ ਜ਼ਿੰਮੇਵਾਰੀ ਸ੍ਰੀ ਅਕਾਲ ਤਖਤ ਸਾਹਿਬ ਸਕੱਤਰੇਤ ਦੀ ਹੁੰਦੀ ਹੈ। ਪਰ ਬੜੀ ਹੈਰਾਨੀ ਦੀ ਗੱਲ ਹੈ ਕਿ ਮੁੱਖ ਮੰਤਰੀ ਨਾਲ ਜਥੇਦਾਰ ਸਾਹਿਬਾਨ ਦੀ ਹੋਈ ਗੱਲਬਾਤ ਦੀ ਵੀਡੀਓ ਸੋਸ਼ਲ ਮੀਡੀਆ ਉਤੇ ਘੁੰਮ ਰਹੀ ਹੈ ਅਤੇ ਜਥੇਦਾਰ ਸਾਹਿਬ ਵੱਲੋਂ ਲਿਖੀਆਂ ਚਿਠੀਆਂ ਨੂੰ ਇਕ ਪਾਰਟੀ ਦਾ ਬੁਲਾਰਾ ਪ੍ਰੈੱਸ ਕਾਨਫਰੰਸ ਵਿੱਚ ਪੜ੍ਹ ਕੇ ਸੁਣਾ ਰਿਹਾ ਹੈ। ਦੋਹਾਂ ਆਗੂਆਂ ਨੇ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਅਪੀਲ ਕੀਤੀ ਕਿ ਉਹ ਇਸ ਮਾਮਲੇ ਦਾ ਤੁਰੰਤ ਨੋਟਿਸ ਲੈਣ ਅਤੇ ਵੀਡੀਓ ਅਤੇ ਚਿੱਠੀਆਂ ਨੂੰ ਜਨਤਕ ਕਰਨ ਵਾਲਿਆਂ ਤੋਂ ਜਵਾਬ ਤਲਬ ਕਰਨ। ਕਿਉਂਕਿ ਇਸਤੋਂ ਪਹਿਲਾਂ ਵਿਰਸਾ ਸਿੰਘ ਵਲਟੋਹਾ ਵਾਲੀ ਵੀਡੀਓ ਦੇ ਕੁਝ ਹਿੱਸੇ ਵੀ ਇਸੇ ਤਰਾਂ ਲੀਕ ਕੀਤੇ ਗਏ ਸਨ। ਪ੍ਰੈੱਸ ਨੂੰ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।

ਬਹੁਤਾਂਤ ਸਿੱਖ ਆਗੂ ਜਾਣੇ ਜਾ ਅਣਜਾਣੇ ਤੌਰ 'ਤੇ

# ਸਿੱਖਾਂ ਵਿੱਚ ਵੰਡੀਆਂ ਪਾਉਣ ਦੀ ਡਿਊਟੀ ਨਿਭਾ ਰਹੇ ਹਨ



## ਬਹੁਗਿਣਤੀ ਆਗੂ ਭਾਈ ਅੰਮ੍ਰਿਤਪਾਲ ਸਿੰਘ ਨੂੰ ਸਿਆਸੀ ਜਾਂ ਸਰੀਰਕ ਤੌਰ ਤੇ ਖ਼ਤਮ ਹੋਣਾ ਲੋਚਦੇ ਹਨ - ਭਾਈ ਅਮਰੀਕ ਸਿੰਘ ਮੁਕਤਸਰ

**ਬਾਦਲਾਂ** ਨੇ ਪਿਛਲੇ ਕਈ ਦਹਾਕਿਆਂ ਦੌਰਾਨ ਸਿੱਖ ਸੰਸਥਾਵਾਂ ,ਰਵਾਇਤਾਂ ਅਤੇ ਸਿੱਖ ਰਾਜਨੀਤੀ ਦੇ ਇਖਲਾਕੀ ਮਿਆਰ ਨੂੰ ਜੋ ਨੁਕਸਾਨ ਪਹੁੰਚਾਇਆ,ਉਸਦੀ ਪੂਰਤੀ ਕਰਨਾ ਆਸਾਨ ਟੀਚਾ ਨਹੀਂ ਹੈ ।ਬਾਦਲਾਂ ਤੋਂ ਬਗੈਰ ਦੂਜੀ ਸਿੱਖ ਲੀਡਰਸ਼ਿਪ ਵਿੱਚ ਵੀ ਮੌਜੂਦਾ ਹਾਲਾਤ ਨਾਲ ਲੜਨ ਦੀ ਨਾ ਕੋਈ ਇੱਛਾ ਸ਼ਕਤੀ ਅਤੇ ਯੋਗਤਾ ਹੈ ਅਤੇ ਨਾ ਹੀ ਸਿੱਖ ਦੁਸ਼ਮਣ ਤਾਕਤਾਂ ਨਾਲ ਦਸਤ-ਪੰਜਾ ਲੈਣ ਦੀ ਹਿੰਮਤ ਬਚੀ ਹੈ । ਮੈਂ ਪਿਛਲੇ ਕਈ ਮਹੀਨਿਆਂ ਤੋਂ ਅਨੇਕਾਂ ਸਿੱਖ ਆਗੂਆਂ ਨਾਲ ਘੰਟਿਆਂ ਬੱਧੀ ਮਗਜ਼-ਖਪਾਈ ਕਰਕੇ ਵਾਸਤੇ ਪਾਏ ਕਿ ਜੇਕਰ ਤੁਸੀਂ ਆਪਣੇ ਨਿੱਜ ਸਵਾਰਥਾਂ ਅਤੇ ਹਉਮੈ ਨੂੰ ਕੰਟਰੋਲ ਕਰਕੇ ਆਪਸੀ ਏਕੇ ਰਾਹੀਂ ਪੰਜਾਬ ਅਤੇ ਪੰਥ ਪੱਖੀ ਦਰੁਸਤ ਰਾਜਸੀ ਪੁਜ਼ੀਸ਼ਨ ਅਖ਼ਿਤਆਰ ਨਾ ਕੀਤੀ ਤਾਂ ਇਤਿਹਾਸ ਵਿੱਚ ਤੁਹਾਡੀਆਂ ਨਾਲਾਇਕੀਆਂ ਨੂੰ ਕਾਲੇ ਅੱਖਰਾਂ ਨਾਲ ਲਿਖਿਆ ਜਾਵੇਗਾ ।ਇਹ ਸਾਰੇ ਸਿੱਖ ਆਗੂ ਗੱਲਬਾਤ ਰਾਹੀਂ ਹਰ ਦਲੀਲ ਨਾਲ ਸਹਿਮਤ ਹੋ ਜਾਂਦੇ ਹਨ ,ਪਰ ਅਮਲੀ ਤੌਰ 'ਤੇ ਟੱਸ ਤੋਂ ਮੱਸ ਨਹੀਂ ਹੁੰਦੇ ਅਤੇ ਪਰਨਾਲਾ ਉੱਥੇ ਦਾ ਉੱਥੇ ਰਹਿੰਦਾ ਹੈ ।

ਮਹੀਨਿਆਂ ਦੀ ਇਸ ਮਿਹਨਤ ਤੋਂ ਬਾਅਦ ਮੈਂ ਇਸ ਸਿੱਟੇ ਉੱਤੇ ਪੁੱਜਿਆ ਕਿ ਜੇਕਰ ਮੌਜੂਦਾ ਸਿੱਖ ਆਗੂਆਂ ਦੇ ਇਮਾਨਦਾਰ-ਬੇਈਮਾਨ ਹੋਣ ਦੇ ਸਵਾਲ ਨੂੰ ਲਾਂਭੇ ਵੀ ਰੱਖ ਲਿਆ ਜਾਵੇ ਤਾਂ ਵੀ ਇਹ ਕਿਹਾ ਜਾ ਸਕਦਾ ਕਿ ਇਹਨਾਂ ਵਿੱਚ ਲੀਡਰਸ਼ਿਪ ਨਾਂ ਦੀ ਕੋਈ ਯੋਗਤਾ ਨਜ਼ਰ ਹੀ ਨਹੀਂ ਆਉਂਦੀ ।ਬਹੁਤਾਂਤ ਸਿੱਖ ਆਗੂਆਂ ਨੇ ਸਿੱਖਾਂ ਦੇ ਭਵਿੱਖ ਸਾਹਮਣੇ ਮੰਡਲਾ ਰਹੇ ਚੌਤਰਫੀ ਖ਼ਤਰਿਆਂ ਪ੍ਰਤੀ ਜਾਣਬੁੱਝ ਕੇ ਮਚਲੇਪਣ ਵਾਲਾ ਰਵੱਈਆ ਧਾਰਨ ਕੀਤਾ ਹੋਇਆ ਹੈ ।ਇਹ ਆਗੂ ਮੂੰਹ ਤੋਂ ਪੰਥ-ਪੰਜਾਬ ਦੇ ਮੁੱਦਿਆਂ ਦੀ ਗੱਲ ਜ਼ਰੂਰ ਕਰਦੇ ਹਨ ,ਪਰ ਇਹਨਾਂ ਵਿੱਚੋਂ ਬਹੁਤਾਂਤ ਦਾ ਟੀਚਾ ਸੱਤਾ ਹਾਸਲ ਕਰਕੇ ਨਿੱਜੀ ਸਵਾਰਥਾਂ ਦੀ ਪੂਰਤੀ ਤੱਕ ਸੀਮਤ ਹੈ ।ਇਹ ਆਗੂ ਆਪਣੀਆਂ ਨਿੱਜੀ ਲਾਲਸਾਵਾਂ ਅਤੇ ਹਉਮੈ ਦੀ ਪੂਰਤੀ ਲਈ ਪੂਰੀ ਕੌਮ ਦੇ ਹਿੱਤਾਂ ਨੂੰ ਦਾਅ ਉਪਰ ਲਾਉਣ ਤੋਂ ਗੁਰੇਜ਼ ਨਹੀਂ ਕਰਨਗੇ ।

ਮਹੀਨਿਆਂ ਦੀ ਸਿਰ-ਖਪਾਈ ਤੋਂ ਬਾਅਦ ਤੱਥਾਂ ਅਧਾਰਿਤ ਜੋ ਦੂਜਾ ਇਸ ਤੋਂ ਵੀ ਖ਼ਰਤਨਾਕ ਕਾਰਨ ਮੈਨੂੰ ਨਜ਼ਰ ਆਇਆ ਉਹ ਇਹ ਹੈ ਕਿ ਜਿਹਨਾਂ ਸਿੱਖ ਆਗੂਆਂ ਨੂੰ ਮੈਂ ਇੱਕਠੇ ਹੋਣ ਦੀਆਂ ਦੁਹਾਈਆਂ ਪਾ ਰਿਹਾ ਹਾਂ,ਉਹਨਾਂ ਵਿਚੋਂ ਬਹੁਤਾਂਤ ਦੀ ਡਿਊਟੀ ਹੀ ਸਿੱਖਾਂ ਵਿੱਚ ਵੰਡੀਆਂ ਪਾਉਣ ਦੀ ਲੱਗੀ ਹੋਈ ਹੈ । ਸਿੱਖ ਆਗੂਆਂ ਵਿੱਚੋਂ ਕੁੱਝ ਤਾਂ ਅਜਿਹੇ ਹਨ ਜੋ ਸਿੱਧੇ ਰੂਪ ਵਿੱਚ ਹਾਕਮ ਰਾਜਸੀ ਪਾਰਟੀਆਂ ਅਤੇ ਸਟੇਟ ਏਜੰਸੀਆਂ ਦੇ ਹੱਥਧੋਕੇ ਹਨ ।ਕੁਝ ਇਸ ਤਰ੍ਹਾਂ ਦੇ ਹਨ ਜੋ ਆਪ ਸਿੱਧੇ ਦੱਲੇ ਤਾਂ ਨਹੀਂ ਬਣੇ ਹੋਏ ,ਪਰ ਸਟੇਟ ਏਜੰਸੀਆਂ ਅਤੇ ਹੁਕਮਰਾਨ ਧਿਰ ਨੇ ਉਹਨਾਂ ਦੇ ਆਸ-ਪਾਸ ਆਪਣੇ ਬੰਦੇ ਫਿੱਟ ਕੀਤੇ ਹੋਏ ਹਨ ।ਇਸ ਕੈਟਾਗਰੀ ਦੇ ਆਗੂਆ ਦੀ ਸਿਆਸੀ ਮੂਰਖਤਾ ,ਚਾਪਲੂਸੀ ਅਤੇ ਕੰਨਾਂ ਦੇ ਕੱਚੇ ਹੋਣ ਜਿਹੀਆਂ ਕਮਜ਼ੋਰੀਆਂ ਨੂੰ ਵਰਤ ਕੇ ਹਾਕਮ ਧਿਰਾਂ ਉਹਨਾਂ ਤੋਂ ਆਪਣੇ ਮਨਚਾਹੇ ਕੰਮ ਲੈ ਰਹੀਆਂ ਹਨ ।ਜੇਕਰ ਸਿੱਖ ਆਗੂਆਂ ਨਾਲ ਆਪਣੇ ਬੀਤੇ ਕੁਝ ਮਹੀਨਿਆਂ ਦੇ ਤਜਰਬੇ ਨੂੰ ਵਿਸਥਾਰ ਨਾਲ ਲਿਖਾਂ ਤਾਂ ਇੱਕ ਮੋਟੀ ਕਿਤਾਬ ਬਣ ਸਕਦੀ ਹੈ,ਜਿਸ ਨੂੰ ਪੜ ਕੇ ਦਰਦਮੰਦ ਸਿੱਖ ਵਿੱਚ ਬੇਹੱਦ ਨਿਰਾਸ਼ਤਾ ਉਤਪੰਨ ਹੋਵੇਗੀ ।ਸਿੱਖ ਆਗੂਆਂ ਦਾ ਇਹ ਇਖਲਾਕ ਮੇਰੇ ਲਈ ਕੋਈ ਨਵਾਂ ਤਜਰਬਾ ਨਹੀ, ਪਿਛਲੀ ਅੱਧੀ ਸਦੀ ਤੋ ਮੈਂ ਇਹਨਾਂ ਨੂੰ ਪੜਚੋਲਵੀ ਨਜ਼ਰ ਨਾਲ ਪਰਖਦਾ ਆ ਰਿਹਾ ਹਾਂ ਅਤੇ ਪੂਰਾ ਇੱਕ ਦਹਾਕਾ ਇਹ ਸੋਚ ਕੇ ਘੁਸਲ ਵੱਟ ਕੇ ਲਾਂਬੇ ਹੋ ਗਿਆ ਸੀ ਕਿ ਇਹਨਾਂ ਦੇ ਜਿਉਂਦੇ ਜੀਅ ਸਿੱਖਾਂ ਦਾ ਕੁਝ ਨਹੀਂ ਵੱਟਿਆ ਜਾਣਾ ।ਪਰ ਪਿਛਲੇ ਡੇਢ ਸਾਲ ਤੋਂ ਭਾਈ ਅੰਮ੍ਰਿਤਪਾਲ ਸਿੰਘ ਦੀ ਰਾਜਨੀਤੀ ਵਿੱਚ ਆਮਦ ਤੋਂ ਇੱਕ ਆਸ ਨੇ ਮੇਰੇ ਵਿੱਚ ਜਨਮ ਲਿਆ ਸੀ ।ਬਹੁਤਾਂਤ ਸਿੱਖ ਆਗੂਆਂ ਵਿੱਚ ਅਨੇਕਾਂ ਆਪਸੀ ਵਖਰੇਵਿਆਂ ਬਾਵਜੂਦ ਇਕ ਗੱਲ ਦੀ ਸਾਂਝ ਹੈ ਕਿ ਉਹ ਭਾਈ ਅੰਮ੍ਰਿਤਪਾਲ ਸਿੰਘ ਨੂੰ ਸਿਆਸੀ ਅਤੇ ਸਰੀਰਕ ਤੌਰ 'ਤੇ ਖਤਮ ਹੋਇਆ ਵੇਖਣ ਦੇ ਇੱਛਕ ਹਨ।



**- ਭਾਈ ਅਮਰੀਕ ਸਿੰਘ ਮੁਕਤਸਰ**

ਹੇਮਕੁੰਟ ਸਾਹਿਬ ਦੇ ਦਰਸ਼ਨ ਕਰਨ ਜਾਂਦੀ

# ਸੰਗਤ ਦੀ ਹਿਫਾਜਤ ਕਰੇ ਸਰਕਾਰ : ਆਗੂ





**ਫ਼ਿਰੋਜ਼ਪੁਰ, 20 ਜੂਨ (ਮਨੋਹਰ ਲਾਲ) :—** ਪੰਜਾਬ ਦੇ ਜੰਮਿਆਂ ਨੂੰ ਨਿਤ ਮੁਹਿਮਾ, ਕੋਈ ਮੁਗਲ ਆਵੇ ਅੰਗਰੇਜ਼ ਹਕੂਮਤ ਆਵੇ ਜਾਂ ਕੋਈ ਗੁਆਂਢੀ ਮੁਲਕ ਆਵੇ ਤਾਂ ਸਭ ਤੋਂ ਪਹਿਲਾਂ ਭਾਰਤ ਵਿਚ ਦੋ ਫੀਸਦੀ ਤੋਂ ਵੀ ਘੱਟ ਸਿੱਖ ਕੌਮ ਨੂੰ ਹੀ ਹੋਣਾ ਪੈਂਦਾ ਹੈ ਤੇ ਡਟ ਕੇ ਮੁਕਾਬਲਾ ਕਰਦੇ ਹਨ ਤੇ ਜਿੱਤ ਵੀ ਪ੍ਰਾਪਤ ਕਰਦੇ ਹਨ, ਪਰ ਲਗਦਾ ਭਾਰਤੀ ਹਕੂਮਤ ਨੇ ਸਿੱਖਾਂ ਨੂੰ ਸਿਰਫ ਮਰਨ ਲਈ ਹੀ ਰੱਖਿਆ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭਾਈ ਲਖਬੀਰ ਸਿੰਘ ਨੰਬਰਦਾਰ ਮਹਾਲਮ ਜ਼ਿਲ੍ਹਾ ਪ੍ਰਧਾਨ ਏਕਨੂਰ ਖਾਲਸਾ ਫੌਜ਼ ਨੇ ਕੀਤਾ।ਉਨ੍ਹਾਂ ਕਿਹਾ ਕਿ ਭਾਰਤ ਹੀ ਨਹੀਂ ਦੁਨੀਆਂ ਵਿਚ ਕਿਤੇ ਵੀ ਆਫਤ ਪੈਂਦੀ ਹੈ ਤਾਂ ਸਭ ਤੋਂ ਪਹਿਲਾਂ ਸਿੱਖ ਮੱਦਦ ਲਈ ਪਹੁੰਚਦੇ ਹਨ, ਖਾਣ—ਪੀਣ ਦਾ ਪ੍ਰਬੰਧ, ਦਵਾਈਆਂ, ਰਹਿਣ ਦਾ ਪ੍ਰਬੰਧ ਕਰਦੇ ਹਨ, ਪਰ ਸਿੱਖਾਂ ਨੂੰ ਆਪਣੇ ਹੀ ਦੇਸ਼ ਵਿਚ ਬੇਗਾਨਿਆਂ ਵਾਂਗ ਦੇਖਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਮਹਾਂਰਾਸ਼ਟਰ ਨਦੇੜ ਹਜ਼ੂਰ ਸਾਹਿਬ ਦੇ ਇਲਾਕੇ ਵਿਚੋਂ ਸਿੱਖਾਂ ਦੇ ਸ਼ਸ਼ਤਰ ਜਬਤ ਕੀਤੇ ਤੇ ਦੂਜੇ ਪਾਸੇ ਨਫਰਤੀ ਲੋਕ ਘਰ—ਘਰ ਜਾ ਕੇ ਤਿਰਸ਼ੂਲ, ਖੰਜਰ, ਕਿਰਪਾਨਾਂ, ਕਿਰਚਾਂ ਵੰਡ ਰਹੇ ਹਨ, ਕੀ ਉਨ੍ਹਾਂ ਵਾਸਤੇ ਕਾਨੂੰਨ ਵਖਰਾ ਹੈ ਜਾਂ ਹੈ ਹੀ ਨਹੀਂ, ਬਾਦਲਾਂ ਦੇ ਲਿਫਾਫੇ ਵਿਚੋਂ ਨਿਕਲੇ ਪ੍ਰਧਾਨ ਜਾਂ ਜਥੇਦਾਰ ਕੁਝ ਕਿਉਂ ਨਹੀਂ ਬੋਲਦੇ। ਉਨ੍ਹਾਂ ਕਿਹਾ ਕਿ ਦੂਜੇ ਪਾਸੇ ਹੁਣ ਸ੍ਰੀ ਹੇਮਕੁੰਟ ਸਾਹਿਬ ਦਰਸ਼ਨ ਕਰਨ ਜਾ ਰਹੀ ਸਿੱਖ ਸੰਗਤਾਂ ਨਾਲ ਵਿਤਕਰਾ ਕੀਤਾ ਜਾ ਰਿਹਾ ਹੈ, ਨਿਹੰਗ ਸਿੰਘਾਂ ਦੀ ਕੁੱਟਮਾਰ ਕੀਤੀ ਗਈ, ਪਰਚੇ ਪਾਏ ਗਏ, ਨੰਗੇ ਸਿਰ ਅਦਾਲਤਾਂ ਵਿਚ ਪੇਸ਼ ਕੀਤੇ ਜਾ ਰਹੇ ਹਨ। ਇਹ ਨਫਰਤ ਨਹੀਂ ਤਾਂ ਹੋਰ ਕੀ ਹੈ, ਸਿੱਖਾਂ ਨਾਲ ਅਤੇ ਧਮਕੀਆਂ ਦਿੱਤੀਆਂ ਜਾ ਰਹੀਆਂ ਹਨ, ਉੱਤਰਾਖੰਡ ਦੇ ਲੋਕਾਂ ਵੱਲੋਂ ਕਿ ਸਿੱਖਾਂ ਨੂੰ ਅਸੀਂ ਉਤਰਾਖੰਡ ਵਿਚ ਨਹੀਂ ਵੜਣ ਦੇਣਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦਾ ਪ੍ਰਧਾਨ, ਜਥੇਦਾਰ ਕਿ ਸਿਰਫ ਬਾਦਲ ਪਰਿਵਾਰ ਦੀ ਜੀ ਹਜ਼ੂਰੀ ਵਿਚੋਂ ਵਿਹਲ ਨਹੀਂ ਮਿਲਦੀ। ਟਕਸਾਲ ਮੁਖੀ ਹਰਨਾਮ ਸਿੰਘ ਧੁੰਮਾ ਨੂੰ ਸੀਨੀਅਰ ਆਗੂ ਭਾਈ ਹਿੰਮਤ ਸਿੰਘ ਸ਼ਕੂਰ ਨੇ ਕਿਹਾ ਕਿ ਸਿੱਖਾਂ ਦੀ ਵਿਦਿਆਰਥੀ ਟਕਸਾਲ ਹੈ ਜਿਸ ਨੇ ਨੌਜਵਾਨੀ ਨੂੰ ਸਿੱਖੀ ਨਾਲ ਜੋੜਨਾ ਹੈ, ਕਿਉਂ ਨਹੀਂ ਅੱਗੇ ਲੱਗ ਕੇ ਕੇਂਦਰ ਸਰਕਾਰ ਨਾਲ ਗੱਲ ਕਰਦਾ ਕਿ ਉਤਰਾਖੰਡ ਦੇ ਲੋਕਾਂ ਨੂੰ ਨੱਥ ਪਾਈ ਜਾਵੇ, ਦੂਜੇ ਪੰਜਾਬ ਸਰਕਾਰ, ਕਾਂਗਰਸ, ਅਕਾਲੀ ਦਲ, ਮਾਨ ਦਲ ਨੂੰ ਵੀ ਕੇਂਦਰ ਕੋਲ ਸਿੱਖਾਂ ਦੀ ਗੱਲ ਰੱਖਣੀ ਚਾਹੀਦੀ ਹੈ ਕਿ ਹੇਮਕੁੰਟ ਸਾਹਿਬ ਜਾ ਰਹੀ ਸਿੱਖ ਸੰਗਤ ਦੀ ਹਿਫਾਜਤ ਲਈ ਸੀ.ਆਰ.ਪੀ.ਐਫ ਲਾਈ ਜਾਵੇ, ਜਿਸ ਤਰ੍ਹਾਂ ਜੰਮੂ ਕਸ਼ਮੀਰ ਸਿੰਘ ਲਾਉਂਦੇ ਹਨ।

# ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਵੱਲੋਂ ਪੰਥਕ ਏਕਤਾ ਲਈ ਅੱਠ ਮੈਂਬਰੀ ਤਾਲਮੇਲ ਕਮੇਟੀ ਦਾ ਕੀਤਾ ਗਠਨ - ਗਿਆਨੀ ਹਰਪ੍ਰੀਤ ਸਿੰਘ

## ਗੋਬਿੰਦ ਸਿੰਘ ਲੌਂਗੋਵਾਲ ਨੂੰ ਜ਼ਿਲਾ ਬਰਨਾਲਾ,ਮਾਨਸਾ ਦਾ ਆਬਜ਼ਰਵਰ ਨਿਯੁਕਤ ਕੀਤਾ ਗਿਆ




ਸ. ਗੁਰਪ੍ਰਤਾਪ ਸਿੰਘ ਵਡਾਲਾ | ਸ. ਸੁੱਚਾ ਸਿੰਘ ਛੋਟੇਪੁਰ | ਭਾਈ ਮੋਹਕਮ ਸਿੰਘ | ਸੰਤ ਚਰਨਜੀਤ ਸਿੰਘ ਜੱਸੋਵਾਲ

ਸ. ਗੁਰਿੰਦਰ ਸਿੰਘ ਬਾਜਵਾ | ਸ. ਬੂਟਾ ਸਿੰਘ ਰਣਸੀਂਹ | ਸ. ਜਤਿੰਦਰ ਸਿੰਘ ਈਸੜੂ | ਸ. ਪਰਮਪਾਲ ਸਿੰਘ ਸਭਰਾ

**ਚੰਡੀਗੜ੍ਹ, 19 ਜੂਨ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਇਕ ਲਿਖਤੀ ਪ੍ਰੈੱਸ ਬਿਆਨ ਰਾਹੀਂ ਜਾਣਕਾਰੀ ਸਾਂਝੀ ਕੀਤੀ ਕਿ ਪੰਥਕ ਏਕਤਾ ਅਤੇ ਹੋਰਨਾਂ ਰਾਜਸੀ ਪਾਰਟੀਆਂ ਨਾਲ ਗਠਜੋੜ ਕਰਨ ਲਈ ਇਕ ਅੱਠ ਮੈਂਬਰੀ ਤਾਲਮੇਲ ਕਮੇਟੀ ਦਾ ਗਠਨ ਕੀਤਾ ਗਿਆ ਹੈ। ਉਹਨਾਂ ਨੇ ਦੱਸਿਆ ਕਿ ਦੋ ਦਸੰਬਰ ਦੇ ਹੁਕਮਨਾਮਿਆਂ ਦੀ ਰੌਸ਼ਨੀ ਵਿੱਚ ਪੰਜ ਸਿੰਘ ਸਾਹਿਬਾਨ ਵੱਲੋਂ ਪੰਥਕ ਪਾਰਟੀਆਂ ਨੂੰ ਇਕੱਠਾ ਕਰਕੇ ਜੋ ਇਕ ਨਿਸ਼ਾਨ ਸਾਹਿਬ ਹੇਠ ਲਿਆਉਣ ਦਾ ਸੱਦਾ ਦਿੱਤਾ ਗਿਆ ਸੀ, ਉਸਦੇ ਤਹਿਤ ਪਿਛਲੇ ਦਿਨੀਂ ਜਲੰਧਰ ਵਿੱਚ ਚਾਰ ਜਥੇਬੰਦੀਆਂ ਨੇ ਇਕਜੁੱਟਤਾ ਕੀਤੀ ਸੀ। ਇਹਨਾਂ ਚਾਰ ਜਥੇਬੰਦੀਆਂ ਵਿੱਚ ਸਾਡੀ ਜਥੇਬੰਦੀ ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ, ਸਿੰਘ ਸਾਹਿਬ ਜਸਬੀਰ ਸਿੰਘ ਰੋਡੇ ਹੁਰਾਂ ਦੀ ਅਗਵਾਈ ਵਾਲਾ ਇੰਟਰਨੈਸ਼ਨਲ ਪੰਥਕ ਦਲ, ਸ ਗੁਰਦੀਪ ਸਿੰਘ ਬਠਿੰਡਾ ਦੀ ਅਗਵਾਈ ਵਾਲਾ ਯੁਨਾਈਟਡ ਅਕਾਲੀ ਦਲ ਅਤੇ ਸ ਗੁਰਿੰਦਰ ਸਿੰਘ ਬਾਜਵਾ ਦੀ ਬੇਗਮਪੁਰਾ ਖਾਲਸਾ ਰਾਜ ਪਾਰਟੀ ਸ਼ਾਮਲ ਸੀ। ਬਾਕੀ ਪਾਰਟੀਆਂ ਨਾਲ ਏਕਤਾ ਕਰਨ ਲਈ ਇਹਨਾਂ ਚੌਹਾਂ ਜਥੇਬੰਦੀਆਂ ਦੇ ਨੁਮਾਇੰਦਿਆ ਨੂੰ ਲੈ ਕੇ ਇਕ ਅੱਠ ਮੈਂਬਰੀ ਕਮੇਟੀ ਗਠਿਤ ਕੀਤੀ ਗਈ ਹੈ। ਇਸ ਕਮੇਟੀ ਵਿੱਚ ਸ ਗੁਰਪ੍ਰਤਾਪ ਸਿੰਘ ਵਡਾਲਾ, ਸ ਸੁੱਚਾ ਸਿੰਘ ਛੋਟੇਪੁਰ, ਸ ਬੂਟਾ ਸਿੰਘ ਰਣਸੀਂਹ, ਸ ਗੁਰਿੰਦਰ ਸਿੰਘ ਬਾਜਵਾ, ਸ ਜਤਿੰਦਰ ਸਿੰਘ ਈਸੜੂ, ਸੰਤ ਚਰਨਜੀਤ ਸਿੰਘ ਜੱਸੋਵਾਲ, ਭਾਈ ਮੋਹਕਮ ਸਿੰਘ ਅਤੇ ਸ ਪਰਮਪਾਲ ਸਿੰਘ ਸਭਰਾਅ ਸ਼ਾਮਲ ਹਨ। ਜਲਦ ਹੀ ਇਹ ਕਮੇਟੀ ਕਿਸਾਨ ਯੂਨੀਅਨਾਂ, ਹੋਰਨਾਂ ਰਾਜਸੀ ਪਾਰਟੀਆਂ ਅਤੇ ਪੰਥਕ ਜਥੇਬੰਦੀਆਂ ਨਾਲ ਰਾਬਤਾ ਕਰਕੇ ਸਾਂਝੇ ਪੰਜਾਬ ਏਜੰਡੇ ਤਹਿਤ ਸਾਂਝਾ ਪਲੇਟਫਾਰਮ ਉਸਾਰਨ ਬਾਰੇ ਗੱਲਬਾਤ ਕਰੇਗੀ।

ਇਸ ਸਮੇਂ ਗਿਆਨੀ ਹਰਪ੍ਰੀਤ ਸਿੰਘ ਹੁਰਾਂ ਨੇ ਕੁੱਝ ਨਵੇਂ ਆਬਜ਼ਰਵਰ ਲਾਉਣ ਦਾ ਐਲਾਨ ਵੀ ਕੀਤਾ ਜਿੰਨਾ ਵਿੱਚ ਜਿਲ੍ਹਾ ਬਰਨਾਲਾ-ਮਾਨਸਾ ਤੋਂ ਸ ਗੋਬਿੰਦ ਸਿੰਘ ਲੌਂਗੋਵਾਲ, ਸ ਹਰਵਿੰਦਰ ਸਿੰਘ ਗਗੜਪੁਰ, ਜਿਲ੍ਹਾ ਮੁਕਤਸਰ-ਫਾਜ਼ਿਲਕਾ ਤੋਂ ਸ ਹਰਦੇਵ ਸਿੰਘ ਹਾਮਿਦ, ਜਿਲ੍ਹਾ ਫਿਰੋਜ਼ਪੁਰ-ਫਰੀਦਕੋਟ ਤੋਂ ਸ ਗੁਰਭੇਜ ਸਿੰਘ ਸਿੱਧੂ ਅਤੇ ਜੱਥੇਦਾਰ ਚਰਨ ਸਿੰਘ ਨੂੰ ਆਬਜ਼ਰਵਰ ਲਗਾਇਆ ਗਿਆ। ਪ੍ਰੈਸ ਨੂੰ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਨੇ ਜਾਰੀ ਕੀਤਾ।

# ਗੁਰਦੁਆਰਾ ਬਾਬਾ ਸੋਹਣ ਸਿੰਘ ਮਲਾਕਾ ਮਲੇਸ਼ੀਆ ਵਿਖੇ ਸੰਤ ਬਾਬਾ ਸੋਹਣ ਸਿੰਘ ਦੀ ਮਿੱਠੀ ਯਾਦ ਵਿਚ ਪੰਜ ਰੋਜਾ ਗੁਰਮਤਿ ਸਮਾਗਮ ਤੇ 125 ਸ੍ਰੀ ਆਖੰਡ ਪਾਠਾਂ ਦੇ ਭੋਗ ਪਾਏ






ਫ਼ਿਰੋਜ਼ਪੁਰ, 20 ਜੂਨ (ਮਨੋਹਰ ਲਾਲ) :— ਗੁਰਦੁਆਰਾ ਬਾਬਾ ਸੋਹਣ ਸਿੰਘ ਮਲਾਕਾ ਮਲੇਸ਼ੀਆ ਵਿਖੇ ਸੰਤ ਬਾਬਾ ਸੋਹਣ ਸਿੰਘ ਜੀ ਦੀ ਮਿੱਠੀ ਯਾਦ ਵਿਚ ਪੰਜ ਰੋਜਾ ਗੁਰਮਤਿ ਸਮਾਗਮ ਤੇ 125 ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਇਸ ਮੌਕੇ ਤੇ ਭਾਰੀ ਗਿਣਤੀ ਵਿਚ ਦੇਸ਼—ਵਿਦੇਸ਼ ਦੀਆਂ ਸੰਗਤਾਂ ਨੇ ਹਾਜ਼ਰੀ ਭਰੀ। ਇਸ ਮੌਕੇ ਤੇ ਭਾਰੀ ਗਿਣਤੀ ਵਿਚ ਦੇਸ਼—ਵਿਦੇਸ਼ ਤੋਂ ਰਾਗੀ ਜਥਿਆਂ ਨੇ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਗੁਰਇਤਿਹਾਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਤੇ ਗਿਆਨੀ ਸੁਖਜੀਤ ਸਿੰਘ ਖਾਲਸਾ ਫ਼ਿਰੋਜ਼ਪੁਰ ਵਾਲਿਆਂ ਨੂੰ ਵਿਸ਼ੇਸ਼ ਤੌਰ ਤੇ ਬੁਲਾਇਆ, ਜਿਨ੍ਹਾਂ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਗੁਰ ਇਤਿਹਾਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਤੇ ਪ੍ਰਧਾਨ ਦਲਵਿੰਦਰ ਕੌਰ ਖਾਲਸਾ, ਸਤਵਿੰਦਰ ਸਿੰਘ ਸੈਕਟਰੀ ਅਤੇ ਬੀਬੀ ਮਨਪ੍ਰੀਤ ਕੌਰ ਇੰਗਲੈਂਡ ਵਾਲਿਆਂ ਨੇ ਬਹੁਤ ਹੀ ਵਧੀਆ ਢੰਗ ਨਾਲ ਸਮਾਗਮ ਕਰਵਾਏ ਗਏ। ਇਸ ਮੌਕੇ ਤੇ ਪ੍ਰਧਾਨ ਦਲਵਿੰਦਰ ਕੌਰ ਖਾਲਸਾ ਨੇ ਬੋਲਦਿਆਂ ਕਿਹਾ ਕਿ ਅੱਜ ਅਸੀਂ ਭਾਵੇਂ ਮਲੇਸ਼ੀਆ ਦੀ ਧਰਤੀ ਦੇ ਇਹ 5 ਰੋਜਾ ਸੰਤ ਬਾਬਾ ਸੋਹਣ ਸਿੰਘ ਜੀ ਦੀ ਮਿੱਠੀ ਯਾਦ ਮਨਾ ਰਹੇ ਹਾਂ। ਸੰਤ ਬਾਬਾ ਸੋਹਣ ਸਿੰਘ ਜੀ ਜਿਨ੍ਹਾਂ ਸਾਰੀ ਉਮਰ ਨਾਮ ਬਾਣੀ ਨਾਲ ਸੰਗਤਾਂ ਨੂੰ ਜੋੜਿਆ ਜ਼ੋ ਕਿ ਇਨ੍ਹਾਂ ਭਾਰੀ ਇਕੱਠ ਇਕ ਮਿਸਾਲ ਹੈ। ਇਸ ਮੌਕੇ ਤੇ ਸਤਵਿੰਦਰ ਸਿੰਘ ਸੈਕਟਰੀ ਨੇ ਬੋਲਦਿਆਂ ਕਿਹਾ ਕਿ ਸੰਤ ਬਾਬਾ ਸੋਹਣ ਸਿੰਘ ਬਾਣੀ ਅਤੇ ਬਾਣੇ ਦੇ ਧਾਰਨੀ ਸਨ, ਜਿਨ੍ਹਾਂ ਮਲੇਸ਼ੀਆ ਦੀ ਧਰਤੀ ਤੇ ਰਹਿ ਕੇ ਸਿੱਖ ਸੰਗਤਾਂ ਨੂੰ ਹਰ ਰੋਜ਼ ਕਥਾ ਕੀਰਤਨ ਅਤੇ ਆਪਸੀ ਭਾਈਚਾਰਕ ਦੀ ਸਾਂਝ ਬਨਾਉਣ ਦੀ ਅਪੀਲ ਕੀਤੀ। ਇਸ ਮੌਕੇ ਤੇ ਬੀਬੀ ਮਨਪ੍ਰੀਤ ਕੌਰ ਇੰਗਲੈਂਡ ਵਾਲਿਆਂ ਨੇ ਬੋਲਦਿਆਂ ਕਿਹਾ ਕਿ ਇਹ ਪੰਜ ਰੋਜਾ ਸਮਾਗਮ ਵਿਚ ਸੰਗਤਾਂ ਨੇ ਗੁਰੂ ਕਾ ਲੰਗਰ ਬਨਾਉਣ ਵਿਚ ਸੰਗਤਾਂ ਦੇ ਹੱਥੀਂ ਸੇਵਾ ਕੀਤੀ, ਜ਼ੋ ਕਿ ਬਹੁਤ ਹੀ ਸ਼ਲਾਘਾਯੋਗ ਹੈ। ਸਾਨੂੰ ਸੰਤ ਬਾਬਾ ਸੋਹਣ ਸਿੰਘ ਜੀ ਜ਼ੋ ਕਿ ਇਕ ਮਹਾਨ ਸੰਤ ਮਹਾਂਪੁਰਸ਼ ਹੋਏ ਹਨ, ਜ਼ੋ ਹਰ ਰੋਜ਼ ਬਾਣੀ ਪੜ ਕੇ ਵਿਆਖਿਆ ਕਰਕੇ ਸੰਗਤਾਂ ਨੂੰ ਬਾਣੀ ਨਾਲ ਜੁੜਣ ਦੀ ਪ੍ਰੇਰਣਾ ਦਿੰਦੇ ਰਹੇ। ਇਸ ਮੌਕੇ ਤੇ ਆਏ ਹੋਏ ਸੰਤਾਂ ਮਹਾਂਪੁਰਸ਼ਾਂ ਅਤੇ ਰਾਗੀ ਜਥਿਆਂ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਪੰਜ ਦਿਨ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

# ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ ਦੀ ਰੌਸ਼ਨੀ 'ਚ ਭਗਵੰਤ ਸਿੰਘ ਮਾਨ ਨੂੰ ਮੁੱਖ ਮੰਤਰੀ ਦੇ ਅਹੁਦੇ 'ਤੇ ਬਣੇ ਰਹਿਣ ਦਾ ਕੋਈ ਹੱਕ ਨਹੀਂ: ਐਡਵੋਕੇਟ ਧਾਮੀ

# 27 ਜੂਨ ਨੂੰ ਸ਼੍ਰੋਮਣੀ ਕਮੇਟੀ ਦੀ ਜਨਰਲ ਇਕੱਤਰਤਾ ਬੁਲਾਉਣ ਅਤੇ ਹਲਕਾ ਪੱਧਰ 'ਤੇ ਵੱਡੇ ਇਕੱਠ ਕਰਨ ਦਾ ਵੀ ਲਿਆ ਫੈਸਲਾ

## ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ 'ਚ ਹੋਈ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਵਿਸ਼ੇਸ਼ ਇਕੱਤਰਤਾ





**ਨਵੀਂ ਦਿੱਲੀ, 20 ਜੂਨ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ 'ਚ ਅੱਜ ਸ਼੍ਰੋਮਣੀ ਕਮੇਟੀ ਦਫ਼ਤਰ ਵਿਖੇ ਅੰਤ੍ਰਿੰਗ ਕਮੇਟੀ ਦੀ ਵਿਸ਼ੇਸ਼ ਇਕੱਤਰਤਾ ਨੇ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਸਿੱਖ ਭਾਵਨਾਵਾਂ ਨੂੰ ਸੱਟ ਮਾਰਨ ਵਾਲੀ ਅਨੈਤਿਕ ਹਰਕਤ ਦੇ ਮਾਮਲੇ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਜਾਰੀ ਆਦੇਸ਼ ਦਾ ਸਤਿਕਾਰ ਕਰਦਿਆਂ ਪੰਜਾਬ ਸੂਬੇ ਦੇ ਮੁੱਖ ਮੰਤਰੀ ਦੇ ਅਹੁਦੇ ਤੋਂ ਅਸਤੀਫੇ ਦੀ ਮੰਗ ਕੀਤੀ ਹੈ। ਇਸ ਦੇ ਨਾਲ ਹੀ ਇਕੱਤਰਤਾ 'ਚ 27 ਜੂਨ ਨੂੰ ਸ਼੍ਰੋਮਣੀ ਕਮੇਟੀ ਦੀ ਜਨਰਲ ਇਕੱਤਰਤਾ ਬੁਲਾਉਣ ਅਤੇ ਹਲਕਾ ਪੱਧਰ 'ਤੇ ਇਕੱਠ ਕਰਕੇ ਸੰਗਤਾਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ ਦੀ ਪਾਲਣਾ ਕਰਨ ਲਈ ਪ੍ਰੇਰਿਤ ਕਰਨ ਦਾ ਫੈਸਲਾ ਕੀਤਾ ਗਿਆ ਹੈ।

ਇਕੱਤਰਤਾ ਮਗਰੋਂ ਮੀਡੀਆ ਨਾਲ ਗੱਲ ਕਰਦਿਆਂ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਨਾਲ ਸਬੰਧਤ ਇਤਰਾਜ਼ਯੋਗ ਵੀਡੀਓ ਵਿਚਲੀਆਂ ਹਰਕਤਾਂ ਨੇ ਸਮੁੱਚੇ ਸਿੱਖ ਜਗਤ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਈ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੁੱਜੇ ਇਸ ਮਾਮਲੇ ਦੀ ਜਾਂਚ ਸਬੰਧੀ ਜਥੇਦਾਰ ਸਾਹਿਬ ਵੱਲੋਂ ਮੁੱਖ ਮੰਤਰੀ ਨੂੰ ਆਪਣਾ ਪੱਖ ਪੇਸ਼ ਕਰਨ ਅਤੇ ਫੋਰੈਂਸਿਕ ਜਾਂਚ ਲਈ ਲੈਬੋਰੇਟਰੀਆਂ ਸੁਝਾਉਣ ਦਾ ਪੂਰਾ ਮੌਕਾ ਦਿੱਤਾ ਗਿਆ, ਲੇਕਿਨ ਉਨ੍ਹਾਂ ਵੱਲੋਂ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਲਿਖੇ ਪੱਤਰਾਂ ਦਾ ਜਵਾਬ ਦੇਣਾ ਵੀ ਮੁਨਾਸਿਬ ਨਹੀਂ ਸਮਝਿਆ ਗਿਆ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਸਿੱਖ ਕੌਮ ਦੀ ਸਰਬ-ਉੱਚ ਹਸਤੀ ਹੈ, ਜਿਸ ਦਾ ਪੂਰੇ ਸਿੱਖ ਜਗਤ ਅੰਦਰ ਸਤਿਕਾਰ ਹੈ। ਇਸ ਮਹਾਨ ਅਸਥਾਨ ਤੋਂ ਕੀਤੇ ਜਾਂਦੇ ਆਦੇਸ਼ਾਂ ਅੱਗੇ ਸਿੱਖ ਕੌਮ ਹਮੇਸ਼ਾ ਸਿਰ ਝੁਕਾਉਂਦੀ ਹੈ। ਇਥੇ ਪੰਥ ਦੋਖੀਆਂ ਨੂੰ ਦੰਡ ਦੇਣ ਅਤੇ ਗੁਰੂ ਪਿਆਰ ਵਾਲਿਆਂ ਨੂੰ ਸਤਿਕਾਰ ਦੇਣ ਦੀ ਰਵਾਇਤ ਸਿੱਖ ਕੌਮ ਦੀ ਵਿਲੱਖਣਤਾ ਅਤੇ ਗੌਰਵਤਾ ਦੀ ਲਖਾਇਕ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਦੀ ਸਿੱਖ ਵਿਰੋਧੀ ਹਰਕਤ ਦੇ ਮਾਮਲੇ ਵਿੱਚ ਵੀ ਇਸੇ ਰਵਾਇਤ ਅਨੁਸਾਰ ਹੀ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਫੈਸਲਾ ਆਇਆ ਹੈ, ਜੋ ਸਿੱਖ ਕੌਮ ਲਈ ਅਤਿ ਮਹੱਤਵਪੂਰਨ ਹੈ। ਕਿਉਂਕਿ ਜੇਕਰ ਸਿੱਖਾਂ ਦੇ ਆਪਣੇ ਘਰੇਲੂ ਜ਼ਮੀਨੀ ਸੂਬੇ ਪੰਜਾਬ ਦੇ ਮੁਖੀ ਹੁੰਦਿਆਂ ਮੁੱਖ ਮੰਤਰੀ ਹੀ ਸਿੱਖਾਂ ਦੀਆਂ ਭਾਵਨਾਵਾਂ ਨੂੰ ਤਾਰ-ਤਾਰ ਕਰੇਗਾ ਤਾਂ ਉਸ ਤੋਂ ਸੂਬੇ ਦੇ ਲੋਕਾਂ ਦੀਆਂ ਧਾਰਮਿਕ ਕਦਰਾਂ ਕੀਮਤਾਂ ਅਤੇ ਮਾਨਤਾਵਾਂ ਦੀ ਤਰਜਮਾਨੀ ਦੀ ਆਸ ਕਿਵੇਂ ਕੀਤੀ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ ਦੀ ਰੌਸ਼ਨੀ ਵਿਚ ਸ. ਭਗਵੰਤ ਸਿੰਘ ਨੂੰ ਮੁੱਖ ਮੰਤਰੀ ਦੇ ਅਹੁਦੇ ਉਤੇ ਬਣੇ ਰਹਿਣ ਦਾ ਕੋਈ ਹੱਕ ਨਹੀਂ ਹੈ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੀਆਂ ਕੌਮੀ ਰਵਾਇਤਾਂ ਅੱਗੇ ਸਿਰ ਝੁਕਾਉਣਾ ਹਰ ਸਿੱਖ ਦਾ ਫ਼ਰਜ਼ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਕਿਉਂਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਨੂੰ ਪ੍ਰਚਾਰਣ ਲਈ ਜਿੰਮੇਵਾਰ ਸਿੱਖ ਸੰਸਥਾ ਹੈ, ਇਸ ਲਈ ਪੂਰੀ ਕੌਮ ਨੂੰ ਅਪੀਲ ਹੈ ਕਿ ਉਹ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਹਾਨ ਪਰੰਪਰਾ, ਮਰਯਾਦਾ ਅਤੇ ਆਦੇਸ਼ਾਂ ਦਾ ਸਤਿਕਾਰ ਕਰਦਿਆਂ ਕੌਮੀ ਏਕਤਾ, ਅਨੁਸ਼ਾਸਨ ਅਤੇ ਗੁਰਮਤਿ ਸਿਧਾਂਤਾਂ ਅਨੁਸਾਰ ਆਪਣਾ ਫ਼ਰਜ਼ ਨਿਭਾਏ। ਉਨ੍ਹਾਂ ਕਿਹਾ ਕਿ ਇਸ ਗੰਭੀਰ ਮਾਮਲੇ ਸਬੰਧੀ ਸ਼੍ਰੋਮਣੀ ਕਮੇਟੀ ਦੀ ਜਨਰਲ ਇਕੱਤਰਤਾ 27 ਜੂਨ ਨੂੰ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਬੁਲਾਉਣ ਦਾ ਵੀ ਫੈਸਲਾ ਕੀਤਾ ਗਿਆ ਹੈ, ਜਿਸ ਵਿਚ ਅਗਲੀ ਰੂਪ ਰੇਖਾ ਉਲੀਕੀ ਜਾਵੇਗੀ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਹਰ ਹਲਕੇ ਵਿਚ ਵੱਡੇ ਇਕੱਠ ਕਰੇਗੀ ਅਤੇ ਸੰਗਤਾਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ ਦੀ ਪਾਲਣਾ ਲਈ ਪ੍ਰੇਰਿਤ ਕੀਤਾ ਜਾਵੇਗਾ। ਇਕ ਸਵਾਲ ਦੇ ਜਵਾਬ ਵਿਚ ਐਡਵੋਕੇਟ ਧਾਮੀ ਨੇ ਕਿਹਾ ਕਿ ਬੇਅਦਬੀਆਂ ਸਬੰਧੀ ਬਣਾਏ ਗਏ ਕਾਨੂੰਨ ਦੇ ਸਵਾਗਤ ਨੂੰ ਲੈ ਕੇ ਕੁਝ ਲੋਕਾਂ ਵੱਲੋਂ ਗ਼ਲਤ ਪ੍ਰਚਾਰ ਕੀਤਾ ਜਾ ਰਿਹਾ ਹੈ। ਸ਼੍ਰੋਮਣੀ ਕਮੇਟੀ ਕੌਮੀ ਹਿੱਤਾਂ ਵਾਸਤੇ ਇਸ ਕਾਨੂੰਨ ਵਿਚ ਦਰਜ਼ ਇਤਰਾਜ਼ਯੋਗ ਮੱਦਾਂ ਨੂੰ ਹਟਾਏ ਜਾਣ ਦੀ ਮੰਗ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਵਿਧਾਨ ਸਭਾ ਦੇ ਸਿੱਖ ਮੈਂਬਰਾਂ ਨੂੰ ਬੁਲਾਇਆ ਗਿਆ ਹੈ ਅਤੇ ਇਸ ਦੀ ਹਰ ਵਿਧਾਇਕ ਨੂੰ ਪਾਲਣਾ ਕਰਨੀ ਚਾਹੀਦੀ ਹੈ। ਇਕ ਸਵਾਲ ਦੇ ਜਵਾਬ ਵਿਚ ਐਡਵੋਕੇਟ ਧਾਮੀ ਨੇ ਕਿਹਾ ਕਿ ਉਨ੍ਹਾਂ ਦੇ ਸ਼੍ਰੋਮਣੀ ਅਕਾਲੀ ਦਲ ਨਾਲ ਸਬੰਧਾਂ ਬਾਰੇ ਗ਼ਲਤ ਬਿਆਨੀ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਸ਼ਹੀਦਾਂ ਦੀ ਜਥੇਬੰਦੀ ਹੈ ਅਤੇ ਮੈਨੂੰ ਮਾਣ ਹੈ ਕਿ ਮੈਂ ਆਪਣੇ ਪੁਰਖਿਆਂ ਦੀ ਇਸ ਮਹਾਨ ਜਥੇਬੰਦੀ ਨਾਲ ਜੁੜਿਆ ਹਾਂ। ਉਨ੍ਹਾਂ ਕਿਹਾ ਕਿ ਮੈਂ ਇਸ ਜਥੇਬੰਦੀ ਦੀ ਸਥਾਪਨਾ ਲਈ ਕੁਰਬਾਨੀਆਂ ਕਰਨ ਵਾਲੇ ਅਤੇ ਇਸ 'ਚ ਮਹਾਨ ਯੋਗਦਾਨ ਵਾਲੀਆਂ ਸ਼ਖ਼ਸੀਅਤਾਂ ਨੂੰ ਹਮੇਸ਼ਾ ਸਿਜਦਾ ਕਰਦਾ ਹਾਂ। ਇਕੱਤਰਤਾ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੋਂ ਇਲਾਵਾ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸ. ਸੁਰਜੀਤ ਸਿੰਘ ਤੁਗਲਵਾਲ, ਸ. ਸੁਰਜੀਤ ਸਿੰਘ ਕੰਗ, ਸ. ਦਲਜੀਤ ਸਿੰਘ ਭਿੰਡਰ, ਸ. ਮੇਜਰ ਸਿੰਘ ਢਿੱਲੋਂ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਡਾ. ਜੰਗ ਬਹਾਦਰ ਸਿੰਘ ਰਾਏ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਇੰਜੀ: ਸੁਖਮਿੰਦਰ ਸਿੰਘ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਵਧੀਕ ਸਕੱਤਰ ਸ. ਜਸਵਿੰਦਰ ਸਿੰਘ ਜੱਸੀ, ਮੀਤ ਸਕੱਤਰ ਸ. ਅਜ਼ਾਦਦੀਪ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਮੇਜਰ ਸਿੰਘ ਆਦਿ ਮੌਜੂਦ ਸਨ।

### ਸ਼੍ਰੋਮਣੀ ਕਮੇਟੀ ਵੱਲੋਂ ਯੂਬਾਸਿਟੀ ਅਮਰੀਕਾ ਵਿੱਖੇ ਜਲਦ ਸਥਾਪਿਤ ਕੀਤੇ ਜਾਣਗੇ ਪ੍ਰੈੱਸ ਤੇ ਗੁਰਮਤਿ ਪ੍ਰਚਾਰ ਕੇਂਦਰ

ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਆਪਣੀ ਵਫ਼ਦ ਸਮੇਤ ਅਮਰੀਕਾ ਫੇਰੀ ਬਾਰੇ ਗੱਲ ਕਰਦਿਆਂ ਕਿਹਾ ਕਿ ਇਸ ਦਾ ਮਕਸਦ ਸ਼੍ਰੋਮਣੀ ਕਮੇਟੀ ਵੱਲੋਂ ਯੂਬਾਸਿਟੀ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਪਾਈ ਲਈ ਪ੍ਰੈੱਸ ਅਤੇ ਗੁਰਮਤਿ ਪ੍ਰਚਾਰ ਕੇਂਦਰ ਦੀ ਸਥਾਪਨਾ ਸੀ। ਉਨ੍ਹਾਂ ਕਿਹਾ ਕਿ ਅਮਰੀਕਾ ਨਿਵਾਸੀ ਸ. ਦੀਦਾਰ ਸਿੰਘ ਬੈਂਸ ਨੇ 2013 'ਚ ਸ਼੍ਰੋਮਣੀ ਕਮੇਟੀ ਨੂੰ 14 ਏਕੜ ਦੇ ਕਰੀਬ ਜ਼ਮੀਨ ਦਿੱਤੀ ਸੀ। ਉਨ੍ਹਾਂ ਦੱਸਿਆ ਕਿ ਇਸ 'ਤੇ ਕੀਤੇ ਜਾਣ ਵਾਲੇ ਕਾਰਜਾਂ ਲਈ ਜ਼ਰੂਰੀ ਪ੍ਰਵਾਨਗੀਆਂ ਵਾਸਤੇ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਉਥੋਂ ਦੇ ਨਿਯਮਾਂ ਅਨੁਸਾਰ 7 ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ ਹੈ, ਜਿਸ ਵਿਚ ਸ਼੍ਰੋਮਣੀ ਕਮੇਟੀ ਦੇ ਅਹੁਦੇਦਾਰ ਇਸ ਦੇ ਮੈਂਬਰ ਵਜੋਂ ਕਾਰਜ ਕਰਨਗੇ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕਾਰਜਾਂ ਲਈ ਅਮਰੀਕਾ ਵਿਖੇ ਸ਼੍ਰੋਮਣੀ ਕਮੇਟੀ ਵੱਲੋਂ ਬੈਂਕ ਅਕਾਊਂਟ ਨੂੰ ਚਾਲੂ ਕਰ ਦਿੱਤਾ ਗਿਆ ਹੈ ਅਤੇ ਨਕਸ਼ੇ ਅਤੇ ਹੋਰ ਪ੍ਰਵਾਨਗੀਆਂ ਲਈ ਸ. ਕਰਮਜੀਤ ਸਿੰਘ ਬੈਂਸ ਕਾਰਜ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਲੋੜੀਂਦੀਆਂ ਪ੍ਰਵਾਨਗੀਆਂ ਮਗਰੋਂ ਇਸ ਦੀ ਜਲਦ ਦੀ ਜਲਦ ਸ਼ੁਰੂਆਤ ਕਰ ਦਿੱਤੀ ਜਾਵੇਗੀ। ਇਹ ਕਾਰਜ ਆਰੰਭ ਹੋਣ ਨਾਲ ਸਿੱਖ ਸੰਗਤਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਇਥੋਂ ਪ੍ਰਾਪਤ ਕਰ ਸਕਣਗੀਆਂ। ਉਨ੍ਹਾਂ ਕਿਹਾ ਕਿ ਵਿਦੇਸ਼ ਦੀ ਧਰਤੀ 'ਤੇ ਇਹ ਸ਼੍ਰੋਮਣੀ ਕਮੇਟੀ ਦਾ ਆਪਣਾ ਪਹਿਲਾ ਕੇਂਦਰ ਹੋਵੇਗਾ। ਉਨ੍ਹਾਂ ਕਿਹਾ ਕਿ ਸਥਾਨਕ ਆਗੂਆਂ ਅਤੇ ਸੰਗਤਾਂ ਨੇ ਸ਼੍ਰੋਮਣੀ ਕਮੇਟੀ ਨੂੰ ਹਰ ਤਰ੍ਹਾਂ ਸਹਿਯੋਗ ਕਰਨ ਦੀ ਵਚਨਬੱਧਤਾ ਪ੍ਰਗਟਾਈ ਹੈ। ••

ਆਵਾਜ਼ਿ ਕੌਮ AWAZE QAUM International Newspaper & WEB TV

### ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ 6.98 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੀ

# ਕਾਤਰੋਂ-ਮਨਾਲ ਸੜਕ ਦੇ ਨਿਰਮਾਣ ਕਾਰਜ ਦੀ ਕਰਵਾਈ ਸ਼ੁਰੂਆਤ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਅੱਜ ਪਿੰਡ ਕਾਤਰੋਂ ਤੋਂ ਮਨਾਲ ਤੱਕ ਬਣਨ ਵਾਲੀ ਸੜਕ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ ਕਰਵਾਈ। ਇਸ ਸੜਕ ਦੇ ਨਿਰਮਾਣ 'ਤੇ ਕਰੀਬ 6 ਕਰੋੜ 98 ਲੱਖ ਰੁਪਏ ਦੀ ਲਾਗਤ ਆਵੇਗੀ। ਇਸ ਮੌਕੇ ਸੰਬੋਧਨ ਕਰਦਿਆਂ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਿੰਡਾਂ ਅਤੇ ਸ਼ਹਿਰਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਕਾਤਰੋਂ-ਮਨਾਲ ਸੜਕ ਦੇ ਨਿਰਮਾਣ ਨਾਲ ਇਲਾਕੇ ਦੇ ਲੋਕਾਂ ਨੂੰ ਆਵਾਜਾਈ ਦੀਆਂ ਬਿਹਤਰ ਸਹੂਲਤਾਂ ਮਿਲਣਗੀਆਂ ਅਤੇ ਵਿਕਾਸ ਨੂੰ ਹੋਰ ਗਤੀ ਮਿਲੇਗੀ। ਉਨ੍ਹਾਂ ਦੱਸਿਆ ਕਿ ਇਹ ਸੜਕ 18 ਫੁੱਟ ਚੌੜੀ ਹੋਵੇਗੀ ਅਤੇ ਇਸ ਦੀ ਕੁੱਲ ਲੰਬਾਈ 10 ਕਿਲੋਮੀਟਰ ਹੈ। ਇਸ ਪ੍ਰੋਜੈਕਟ ਉੱਤੇ ਲਗਭਗ 6 ਕਰੋੜ 98 ਲੱਖ ਰੁਪਏ ਦੀ ਲਾਗਤ ਆ ਰਹੀ ਹੈ। ਉਨ੍ਹਾਂ ਕਿਹਾ ਕਿ ਧੂਰੀ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ, ਸਰਪੰਚ ਅਮ੍ਰਿਤਪਾਲ ਸਿੰਘਹਲਕੇ ਦੇ ਹਰੇਕ ਪਿੰਡ ਵਿੱਚ ਵਿਕਾਸ ਕਾਰਜ ਤੇਜ਼ੀ ਨਾਲ ਜਾਰੀ ਹਨ ਅਤੇ ਲੋਕਾਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕਰਨ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ, ਅਮ੍ਰਿਤਪਾਲ ਸਿੰਘ ਸਰਪੰਚ ਘਨੌਰੀ ਕਲਾਂ, ਚੇਅਰਮੈਨ ਪੁਸ਼ਿਪੰਦਰ ਸ਼ਰਮਾ, ਡਾਇਰੈਕਟਰ ਅਨਿਲ ਮਿੱਤਲ, ਮੁਹੰਮਦ ਓਵੈਸ ਸਰਪੰਚ, ਗੁਰਵਿੰਦਰ ਸਿੰਘ ਕਾਤਰੋ, ਗੁਰਸੇਵਕ ਸਿੰਘ ਕਾਤਰੋ ਅਤੇ ਹੋਰ ਆਗੂ ਮੌਜੂਦ ਸਨ।

### ਧੂਰੀ ਹਲਕੇ ਦੇ ਹਰੇਕ ਪਿੰਡ ਵਿੱਚ ਤੇਜ਼ੀ ਨਾਲ ਚੱਲ ਰਹੇ ਹਨ ਵਿਕਾਸ ਕਾਰਜ: ਦਲਵੀਰ ਸਿੰਘ ਢਿੱਲੋਂ

ਆਵਾਜ਼ਿ ਕੌਮ AWAZE QAUM International Newspaper & WEB TV

# ਪੁਲੀਸ ਚੌਂਕੀ ਟਾਂਗਰਾ ਵੱਲੋਂ ਪੰਜ ਗ੍ਰਾਮ ਹੈਰੋਇਨ ਸਮੇਤ ਦੋ ਵਿਅਕਤੀ ਕਾਬੂ



ਜੰਡਿਆਲਾ ਗੁਰੂ 20 ਜੂਨ ( ਕੁਲਵੰਤ ਸਿੰਘ ਵਿਰਦੀ ) ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਯੁੱਧ ਮੁਹਿੰਮ ਤਹਿਤ ਨਸ਼ੇ ਦਾ ਕਾਰੋਬਾਰ ਕਰਨ ਵਾਲਿਆਂ ਦੇ ਖਿਲਾਫ ਸਖਤ ਕਾਰਵਾਈ ਕੀਤੀ ਜਾ ਰਹੀ ਹੈ ਪੁਲਿਸ ਚੌਂਕੀ ਟਾਂਗਰਾ ਦੇ ਇੰਚਾਰਜ ਏਐਸਆਈ ਨਰਿੰਦਰ ਪਾਲ ਸਿੰਘ ਅਤੇ ਏ ਐਸ ਆਈ ਭੁਪਿੰਦਰ ਸਿੰਘ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਗਸ਼ਤ ਦੌਰਾਨ ਪਿੰਡ ਯੋਧਾ ਨਗਰੀ ਦੇ ਸ਼ਮਸ਼ਾਨ ਘਾਟ ਵਿੱਚ ਬੈਠੇ ਦੋ ਨੌਜਵਾਨ ਪੁਲਿਸ ਪਾਰਟੀ ਨੂੰ ਵੇਖ ਕੇ ਖਿਸਕਣ ਦਾ ਯਤਨ ਕਰਨ ਲੱਗੇ ਜਿਨਾਂ ਨੂੰ ਕਾਬੂ ਕਰਕੇ ਤੁਰੰਤ ਉਹਨਾਂ ਦੀ ਤਲਾਸ਼ੀ ਕੀਤੀ ਅਤੇ ਉਹਨਾਂ ਦੀ ਕੈਬਰੀ ਵਿੱਚੋਂ 5 ਗ੍ਰਾਮ ਹੇਰੋਇਨ ਅਤੇ 500 ਰੁਪਏ ਨਗਦ ਬਰਾਮਦ ਹੋਏ ਦੋਹਾਂ ਦੀ ਪਹਿਛਾਣ ਕਰਨਦੀਪ ਸਿੰਘ ਪੁੱਤਰ ਅੰਗਰੇਜ਼ ਸਿੰਘ ਰਾਪਲ ਸਿੰਘ ਪੁੱਤਰ ਪ੍ਰਗਟ ਸਿੰਘ ਵਾਸੀ ਡੇਹਰੀਵਾਲ ਵਜੋਂ ਹੋਈ ਪੁਲਿਸ ਥਾਣਾ ਤਰਸਿਕਾ ਵਿਖੇ ਮੁਕਦਮਾ ਨੰਬਰ 72 ਮਿਤੀ 19 -6 -2026 ਜੁਰਮ 2127 6185 ਤਹਿਤ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਬਰਮਿੰਘਮ ਦੇ ਕੌਂਸਲ ਹਾਊਸ ਦੇ ਬਾਹਰ 20 ਜੂਨ 2026 ਨੂੰ ਬ੍ਰਿਟੇਨ ਫਰਸਟ ਵੱਲੋਂ ਕੀਤੀ ਗਈ ਰੈਲੀ ਦੇ ਵਿਰੋਧ ਵਿੱਚ ਆਯੋਜਿਤ ਇਕਜੁੱਟਤਾ ਮੁਜ਼ਾਹਰੇ ਦੌਰਾਨ

# ਬ੍ਰਿਟੇਨ ਫਰਸਟ ਰੈਲੀ ਦੇ ਵਿਰੋਧ ਵਿੱਚ ਸਾਬਕਾ ਕੌਂਸਲਰ ਗੁਰਦਿਆਲ ਸਿੰਘ ਅਟਵਾਲ ਵੱਲੋਂ ਸੰਬੋਧਨ

ਬਰਮਿੰਘਮ ਦੇ ਕੌਂਸਲ ਹਾਊਸ ਦੇ ਬਾਹਰ 20 ਜੂਨ 2026 ਨੂੰ ਬ੍ਰਿਟੇਨ ਫਰਸਟ ਵੱਲੋਂ ਕੀਤੀ ਗਈ ਰੈਲੀ ਦੇ ਵਿਰੋਧ ਵਿੱਚ ਆਯੋਜਿਤ ਇਕਜੁੱਟਤਾ ਮੁਜ਼ਾਹਰੇ ਦੌਰਾਨ ਸਿੱਖ ਭਾਈਚਾਰੇ ਦੀ ਨੁਮਾਇੰਦਗੀ ਕਰਦਿਆਂ ਇਹ ਸੰਬੋਧਨ ਦਿੱਤਾ ਗਿਆ। ਇਸ ਸੰਬੋਧਨ ਵਿੱਚ ਨਸਲਵਾਦ, ਫਾਸ਼ੀਵਾਦ, ਧਾਰਮਿਕ ਨਫ਼ਰਤ ਅਤੇ ਭਾਈਚਾਰਿਆਂ ਨੂੰ ਵੰਡਣ ਦੀਆਂ ਕੋਸ਼ਿਸ਼ਾਂ ਦਾ ਡਟ ਕੇ ਵਿਰੋਧ ਕੀਤਾ ਗਿਆ ਅਤੇ ਬਰਮਿੰਘਮ ਦੀ ਵਿਭਿੰਨਤਾ, ਬਰਾਬਰੀ ਅਤੇ ਸਮਾਜਿਕ ਇਕਜੁੱਟਤਾ ਦੀਆਂ ਕਦਰਾਂ-ਕੀਮਤਾਂ ਦੀ ਹਮਾਇਤ ਕੀਤੀ ਗਈ।

ਵਾਹਿਗੁਰੂ ਜੀ ਕਾ ਖਾਲਸਾ
ਵਾਹਿਗੁਰੂ ਜੀ ਕੀ ਫਤਹਿ

ਅੱਜ ਮੈਂ ਸਿੱਖ ਕੌਮ ਦੇ ਇੱਕ ਮੈਂਬਰ ਵਜੋਂ ਬੋਲ ਰਿਹਾ ਹਾਂ, ਜੋ ਨਸਲਵਾਦ, ਨਫ਼ਰਤ ਅਤੇ ਵੰਡ ਦਾ ਸ਼ਿਕਾਰ ਬਣ ਰਹੀਆਂ ਸਾਰੀਆਂ ਕੌਮਾਂ ਨਾਲ ਇਕਜੁੱਟਤਾ ਵਿੱਚ ਖੜ੍ਹਾ ਹੈ।

ਸਿੱਖ ਧਰਮ ਦੀਆਂ ਸਿੱਖਿਆਵਾਂ ਸਾਨੂੰ ਯਾਦ ਦਿਵਾਉਂਦੀਆਂ ਹਨ ਕਿ ਸਮੁੱਚੀ ਮਨੁੱਖਤਾ ਇੱਕ ਹੈ, ਅਤੇ ਹਰ ਮਨੁੱਖ ਇੱਜ਼ਤ, ਬਰਾਬਰੀ ਅਤੇ ਸਤਿਕਾਰ ਦਾ ਹੱਕਦਾਰ ਹੈ।

*ਅਸੀਂ ਇੱਥੇ ਨਸਲਵਾਦ, ਫਾਸ਼ੀਵਾਦ ਅਤੇ ਹਰ ਕਿਸਮ ਦੀ ਨਫ਼ਰਤ ਦਾ ਵਿਰੋਧ ਕਰਨ ਲਈ ਇਕੱਠੇ ਹੋਏ ਹਾਂ।

* ਅਸੀਂ ਬਰਮਿੰਘਮ ਦੀ ਵਿਭਿੰਨਤਾ, ਸ਼ਮੂਲੀਅਤ ਅਤੇ ਸਾਰਿਆਂ ਲਈ ਪਨਾਹਗਾਹ ਹੋਣ ਦੀ ਮਾਣਯੋਗ ਪਰੰਪਰਾ ਦੀ ਰੱਖਿਆ ਕਰਨ ਲਈ ਇੱਥੇ ਹਾਂ।

*ਜੋ ਲੋਕ ਪਰਵਾਸੀਆਂ, ਸ਼ਰਨਾਰਥੀਆਂ ਅਤੇ ਨਸਲੀ ਘੱਟਗਿਣਤੀਆਂ ਨੂੰ ਸਮਾਜ ਦੀਆਂ ਸਮੱਸਿਆਵਾਂ ਲਈ ਦੋਸ਼ੀ ਠਹਿਰਾ ਕੇ ਸਾਡੇ ਭਾਈਚਾਰਿਆਂ ਨੂੰ ਵੰਡਣਾ ਚਾਹੁੰਦੇ ਹਨ, ਉਹ ਨਾ ਇਸ ਸ਼ਹਿਰ ਦੀਆਂ ਕਦਰਾਂ-ਕੀਮਤਾਂ ਦੀ ਨੁਮਾਇੰਦਗੀ ਕਰਦੇ ਹਨ ਅਤੇ ਨਾ ਹੀ ਇਸ ਦੇਸ਼ ਦੀ।

* ਅਸੀਂ ਉਨ੍ਹਾਂ ਦੇ ਸੰਦੇਸ਼ ਨੂੰ ਪੂਰੀ ਤਰ੍ਹਾਂ ਰੱਦ ਕਰਦੇ ਹਾਂ, ਜਿਵੇਂ ਅਸੀਂ 50 ਸਾਲ ਪਹਿਲਾਂ ਨੈਸ਼ਨਲ ਫਰੰਟ ਨੂੰ ਰੱਦ ਕੀਤਾ ਸੀ।

* ਸਾਡੇ ਭਾਈਚਾਰਿਆਂ ਨੇ ਪੀੜ੍ਹੀਆਂ ਤੋਂ ਇਸ ਦੇਸ਼ ਦੀ ਉਸਾਰੀ ਵਿੱਚ ਯੋਗਦਾਨ ਪਾਇਆ ਹੈ।

* ਸਾਡੇ ਵਿੱਚੋਂ ਬਹੁਤਿਆਂ ਦੇ ਮਾਪਿਆਂ ਅਤੇ ਹੋਰਾਂ ਦੇ ਦਾਦੇ-ਦਾਦੀਆਂ ਨੇ ਜੰਗ ਅਤੇ ਅਮਨ ਦੋਵਾਂ ਸਮਿਆਂ ਵਿੱਚ ਬ੍ਰਿਟੇਨ ਦੀ ਸੇਵਾ ਕੀਤੀ ਹੈ, ਜਨਤਕ ਸੇਵਾ, ਸਖ਼ਤ ਮਿਹਨਤ ਅਤੇ ਕੁਰਬਾਨੀਆਂ ਰਾਹੀਂ ਆਪਣਾ ਯੋਗਦਾਨ ਪਾਇਆ ਹੈ।

* ਅਸੀਂ ਇਸ ਦੇਸ਼ ਦਾ ਹਿੱਸਾ ਹਾਂ। ਬਰਮਿੰਘਮ, ਇੰਗਲੈਂਡ ਅਤੇ ਯੂਨਾਈਟਿਡ ਕਿੰਗਡਮ ਸਾਡਾ ਘਰ ਹਨ।

* ਆਓ ਅਸੀਂ ਕਦੇ ਵੀ ਬ੍ਰਿਟੇਨ ਅਤੇ ਸੰਸਾਰ ਭਰ ਵਿੱਚ ਸਿੱਖਾਂ ਦੇ ਅਥਾਹ ਯੋਗਦਾਨ ਨੂੰ ਨਾ ਭੁੱਲੀਏ।

* ਪਹਿਲੀ ਅਤੇ ਦੂਜੀ ਵਿਸ਼ਵ ਜੰਗ ਦੌਰਾਨ ਇੱਕ ਲੱਖ ਤੋਂ ਵੱਧ ਸਿੱਖਾਂ ਨੇ ਆਪਣੀਆਂ ਜਾਨਾਂ ਕੁਰਬਾਨ ਕੀਤੀਆਂ ਅਤੇ ਢਾਈ ਲੱਖ ਤੋਂ ਵੱਧ ਜ਼ਖ਼ਮੀ ਹੋਏ, ਆਜ਼ਾਦੀ ਅਤੇ ਇਨਸਾਫ਼ ਲਈ ਲੜਦਿਆਂ।

* ਮੇਰੇ ਆਪਣੇ ਪਿਤਾ ਵੀ ਉਹਨਾਂ ਵਿੱਚ ਸ਼ਾਮਲ ਸਨ ਜਿਨ੍ਹਾਂ ਨੇ ਸੇਵਾ ਨਿਭਾਈ।

*ਫਿਰ ਵੀ, ਇਨ੍ਹਾਂ ਯੋਗਦਾਨਾਂ ਦੇ ਬਾਵਜੂਦ, ਅਸੀਂ ਨਸਲਵਾਦੀ ਹਮਲਿਆਂ ਅਤੇ ਨਫ਼ਰਤੀ ਜੁਰਮਾਂ ਵਿੱਚ ਚਿੰਤਾਜਨਕ ਵਾਧਾ ਦੇਖ ਰਹੇ ਹਾਂ।



* ਦੋ ਸਿੱਖ ਔਰਤਾਂ ਉੱਤੇ ਭਿਆਨਕ ਨਸਲਵਾਦੀ ਹਮਲੇ ਕੀਤੇ ਗਏ, ਜਿੱਥੇ ਇੱਕ ਹਮਲਾਵਰ ਨੇ ਕਿਹਾ, "ਮੈਂ ਸਮਝਿਆ ਸੀ ਕਿ ਉਹ ਮੁਸਲਮਾਨ ਹੈ।"

* ਵੁਲਵਰਹੈਂਪਟਨ ਵਿੱਚ ਸਿੱਖ ਟੈਕਸੀ ਡਰਾਈਵਰਾਂ ਨੂੰ ਨਿਸ਼ਾਨਾ ਬਣਾਇਆ ਗਿਆ ਅਤੇ ਉਨ੍ਹਾਂ ਉੱਤੇ ਹਮਲੇ ਕੀਤੇ ਗਏ।

*ਵਿਲਨਹਾਲ ਦੇ ਇੱਕ ਪਾਰਕ ਵਿੱਚ ਇੱਕ ਸਿੱਖ ਬਜ਼ੁਰਗ ਉੱਤੇ ਬੇਰਹਿਮੀ ਨਾਲ ਹਮਲਾ ਕੀਤਾ ਗਿਆ ਅਤੇ ਉਸਨੂੰ ਮਰਨ ਲਈ ਛੱਡ ਦਿੱਤਾ ਗਿਆ।

* ਵੈਸਟ ਬਰੋਮਵਿਚ ਦੇ ਇੱਕ ਗੁਰਦੁਆਰੇ ਦੇ ਬਾਹਰ ਮਾਸ ਸੁੱਟਿਆ ਗਿਆ।

* ਪਿਛਲੇ ਹਫ਼ਤੇ ਸਮੈਥਵਿਕ ਵਿੱਚ ਇੱਕ ਸਿੱਖ ਬਜ਼ੁਰਗ ਨੂੰ ਅੱਗ ਲਗਾ ਦਿੱਤੀ ਗਈ। ਸ਼ੁਰੂ ਵਿੱਚ ਪੁਲਿਸ ਨੇ ਇਸਨੂੰ ਨਫ਼ਰਤੀ ਜੁਰਮ ਨਹੀਂ ਮੰਨਿਆ, ਪਰ ਬਾਅਦ ਵਿੱਚ ਸਾਹਮਣੇ ਆਏ ਸਬੂਤਾਂ ਦੇ ਆਧਾਰ 'ਤੇ ਇਸਨੂੰ ਨਫ਼ਰਤੀ ਜੁਰਮ ਵਜੋਂ ਦਰਜ ਕੀਤਾ ਗਿਆ।

* ਪੁਲਿਸ ਨੇ ਇਹ ਵੀ ਕਿਹਾ ਹੈ ਕਿ ਇਹ ਘਟਨਾ ਨਸਲੀ ਜਾਂ ਧਾਰਮਿਕ ਪ੍ਰੇਰਣਾ ਨਾਲ ਨਹੀਂ ਕੀਤੀ ਗਈ ਸੀ।

* ਸਿੱਖਾਂ ਨੂੰ ਲਗਾਤਾਰ ਨਿਸ਼ਾਨਾ ਬਣਾਏ ਜਾਣ ਅਤੇ ਨਸਲਵਾਦ ਦੇ ਵਧਦੇ ਮਾਹੌਲ ਨੂੰ ਦੇਖਦਿਆਂ, ਸਾਡੀ ਕੌਮ ਦੇ ਬਹੁਤ ਸਾਰੇ ਲੋਕ ਗੰਭੀਰ ਚਿੰਤਾ ਵਿੱਚ ਹਨ।

*ਇਹ ਘਟਨਾਵਾਂ ਉਹੀ ਨਫ਼ਰਤ ਦਰਸਾਉਂਦੀਆਂ ਹਨ ਜੋ ਮੁਸਲਮਾਨ, ਯਹੂਦੀ ਅਤੇ ਹੋਰ ਘੱਟਗਿਣਤੀ ਭਾਈਚਾਰਿਆਂ ਵੱਲ ਮੋੜੀ ਜਾਂਦੀ ਹੈ, ਅਤੇ ਉਨ੍ਹਾਂ ਦੇ ਧਾਰਮਿਕ ਅਸਥਾਨਾਂ ਉੱਤੇ ਹਮਲਿਆਂ ਵਿੱਚ ਵੀ ਦਿਖਾਈ ਦਿੰਦੀ ਹੈ।

*ਕਿਸੇ ਵੀ ਭਾਈਚਾਰੇ ਵਿਰੁੱਧ ਨਫ਼ਰਤ ਸਾਡੇ ਸਾਰਿਆਂ ਲਈ ਖ਼ਤਰਾ ਹੈ।

* ਪਿਛਲੇ ਸਾਲਾਂ ਵਿੱਚ ਅਤਿ-ਸੱਜੇਪੰਥੀ ਗਰੁੱਪਾਂ ਨੇ ਮੁਸਲਮਾਨਾਂ, ਯਹੂਦੀਆਂ, ਆਇਰਿਸ਼ ਅਤੇ ਪੋਲਿਸ਼ ਭਾਈਚਾਰਿਆਂ ਨੂੰ ਨਿਸ਼ਾਨਾ ਬਣਾਇਆ।

* ਅੱਜ ਸਿੱਖਾਂ ਨੂੰ ਵਧਦੀ ਗਿਣਤੀ ਵਿੱਚ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਜਦੋਂ ਇੱਕ ਭਾਈਚਾਰੇ ਉੱਤੇ ਹਮਲਾ ਹੁੰਦਾ ਹੈ, ਤਾਂ ਹਰ ਭਾਈਚਾਰਾ ਹਮਲੇ ਹੇਠ ਹੁੰਦਾ ਹੈ।

* ਕਿਸੇ ਇੱਕ ਵਿਅਕਤੀ ਦੀ ਕਾਰਵਾਈ ਲਈ ਪੂਰੇ ਭਾਈਚਾਰੇ ਨੂੰ ਦੋਸ਼ੀ ਨਹੀਂ ਠਹਿਰਾਇਆ ਜਾ ਸਕਦਾ, ਨਾ ਹੀ ਉਸਨੂੰ ਬਦਨਾਮ ਜਾਂ ਦੈਂਤ ਬਣਾਇਆ ਜਾ ਸਕਦਾ ਹੈ।

* ਸਮੂਹਕ ਦੋਸ਼ਾਰੋਪਣ ਗਲਤ, ਬੇਇਨਸਾਫ਼ੀ ਭਰਿਆ ਅਤੇ ਖ਼ਤਰਨਾਕ ਹੈ।

* ਅਸੀਂ ਹਰ ਵਿਅਕਤੀ ਦੇ ਆਪਣੇ ਧਰਮ ਨੂੰ ਬਿਨਾਂ ਡਰ ਅਤੇ ਆਜ਼ਾਦੀ ਨਾਲ ਅਪਣਾਉਣ ਦੇ ਹੱਕ ਦੀ ਰੱਖਿਆ ਕਰਦੇ ਰਹਾਂਗੇ।

* ਇਸ ਵਿੱਚ ਸਿੱਖ ਕੌਮ ਅਤੇ ਹੋਰ ਸਾਰੇ ਧਾਰਮਿਕ ਭਾਈਚਾਰਿਆਂ ਦੇ ਹੱਕ ਅਤੇ ਪਰੰਪਰਾਵਾਂ ਵੀ ਸ਼ਾਮਲ ਹਨ।

* ਸਿੱਖ ਧਰਮ ਦੀ ਨੀਂਹ ਬਰਾਬਰੀ, ਸੇਵਾ, ਦਇਆ, ਇਨਸਾਫ਼ ਅਤੇ ਸਮੁੱਚੀ ਮਨੁੱਖਤਾ ਦੇ ਸਤਿਕਾਰ ਉੱਤੇ ਟਿਕੀ ਹੋਈ ਹੈ।

*ਇਹ ਕਦਰਾਂ-ਕੀਮਤਾਂ ਨਫ਼ਰਤ, ਪੱਖਪਾਤ ਅਤੇ ਵੰਡ ਦੇ ਬਿਲਕੁਲ ਉਲਟ ਹਨ।

*ਅਸੀਂ ਅਤਿ-ਸੱਜੇਪੰਥੀਆਂ ਵੱਲੋਂ ਸਿੱਖਾਂ ਅਤੇ ਮੁਸਲਮਾਨਾਂ ਨੂੰ ਜਾਂ ਕਿਸੇ ਵੀ ਦੋ ਭਾਈਚਾਰਿਆਂ ਨੂੰ ਆਪਸ ਵਿੱਚ ਲੜਾਉਣ ਦੀ ਹਰ ਕੋਸ਼ਿਸ਼ ਨੂੰ ਰੱਦ ਕਰਦੇ ਹਾਂ।

* ਅਸੀਂ ਵੰਡੇ ਨਹੀਂ ਜਾਵਾਂਗੇ।

* ਕਿਸੇ ਇੱਕ ਭਾਈਚਾਰੇ ਵਿਰੁੱਧ ਨਫ਼ਰਤ ਦੀ ਹਰ ਕਾਰਵਾਈ ਸਾਡੇ ਸਾਰਿਆਂ ਉੱਤੇ ਹਮਲਾ ਹੈ।

*ਅੱਜ ਅਸੀਂ ਸਾਰੇ ਇਕੱਠੇ ਖੜ੍ਹੇ ਹਾਂ — ਸਿੱਖ, ਮੁਸਲਮਾਨ, ਇਸਾਈ, ਯਹੂਦੀ, ਰਾਸਟਾ, ਹਿੰਦੂ ਅਤੇ ਹਰ ਪਿਛੋਕੜ ਦੇ ਲੋਕ — ਇਹ ਐਲਾਨ ਕਰਨ ਲਈ ਕਿ ਬਰਮਿੰਘਮ ਸਭ ਦਾ ਹੈ।

* ਨਫ਼ਰਤ ਦਾ ਸਾਡਾ ਜਵਾਬ ਏਕਤਾ ਹੈ।

* ਨਸਲਵਾਦ ਦਾ ਸਾਡਾ ਜਵਾਬ ਇਕਜੁੱਟਤਾ ਹੈ।

* ਫਾਸ਼ੀਵਾਦ ਦਾ ਸਾਡਾ ਜਵਾਬ ਇੱਕ ਇਕੱਠਾ ਅਤੇ ਮਜ਼ਬੂਤ ਭਾਈਚਾਰਾ ਹੈ।

ਅਸੀਂ ਇਕੱਠੇ ਹੋ ਕੇ ਇਨਸਾਫ਼, ਬਰਾਬਰੀ ਅਤੇ ਸਾਰਿਆਂ ਲਈ ਸਤਿਕਾਰ ਦੀ ਲੜਾਈ ਜਾਰੀ ਰੱਖਾਂਗੇ।

ਸਾਡੇ ਦਸਵੇਂ ਪਾਤਸ਼ਾਹ, ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪਵਿੱਤਰ ਬਚਨ ਹਨ:

ਮਾਨਸ ਕੀ ਜਾਤ ਸਬੈ ਏਕੈ ਪਹਿਚਾਨਬੋ
ਸਾਰੀ ਮਨੁੱਖ ਜਾਤੀ ਨੂੰ ਇੱਕ ਹੀ ਸਮਝੋ।
ਵਾਹਿਗੁਰੂ ਜੀ ਕਾ ਖਾਲਸਾ
ਵਾਹਿਗੁਰੂ ਜੀ ਕੀ ਫਤਹਿ

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
+447458381111 +447976210161 +919729091243